ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸੋਮਵਾਰ, 10 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੨੬ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਦਿਨ-ਦਿਹਾੜੇ ਰਾਹ 'ਚ ਘੇਰ ਸਰਕਾਰੀ ਸਕੂਲ ਦੇ ਹੈੱਡ ਮਾਸਟਰ ਦਾ ਕਰ 'ਤਾ ਕਤਲ

**ਮੋਹਾਲੀ, 9 ਅਗਸਤ (ਆਵਾਜ਼ਿ ਕੌਮ ਬਿਊਰੋ)**-ਮੋਹਾਲੀ ਵਿਚ ਦਿਨ-ਦਿਹਾੜੇ ਸਰਕਾਰੀ ਸਕੂਲ ਦੇ ਹੈੱਡ ਮਾਸਟਰ ਦਾ ਤੇਜ਼ਧਾਰ ਹਥਿਆਰਾਂ ਨਾਲ ਕਤਲ ਕਰ ਦਿੱਤਾ ਗਿਆ। ਉਕਤ ਵਾਰਦਾਤ ਮੋਹਾਲੀ ਦੇ ਕੁੰਭੜਾ ਵਿਚ ਵਾਪਰੀ।ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਕ ਕਾਰ ਵਿਚ ਸਵਾਰ ਹੋ ਕੇ ਆਏ ਹਮਲਾਵਰਾਂ ਨੇ ਕੁਹਾੜੀ ਅਤੇ ਤੇਜ਼ਧਾਰ ਕਿਰਚ ਨਾਲ ਹੈੱਡ ਮਾਸਟਰ 'ਤੇ ਤਿੱਖੇ ਵਾਰ ਕੀਤੇ। ਗੰਭੀਰ ਸੱਟਾਂ ਲੱਗਣ ਕਾਰਨ ਹੈੱਡ ਮਾਸਟਰ ਦੀ ਮੌਕੇ ਉਤੇ ਹੀ ਮੌਤ ਹੋ ਗਈ। ਵਾਰਦਾਤ ਮਗਰੋਂ ਮੁਲਜ਼ਮ ਕਾਰ ਵਿਚ ਬੈਠ ਕੇ ਫਰਾਰ ਹੋ ਗਏ। ਘਟਨਾ ਦੀ ਸੂਚਨਾ ਪਾ ਕੇ ਮੌਕੇ ਉਤੇ ਪਹੁੰਚੀ ਪੁਲਸ ਟੀਮ ਨੇ ਜਾਂਚ ਸ਼ੁਰੂ ਕੀਤੀ। ਮ੍ਰਿਤਕ ਹੈੱਡ ਮਾਸਟਰ ਦੀ ਪਛਾਣ ਗੁਰਸੇਵਕ ਸਿੰਘ ਦੇ ਰੂਪ ਵਿਚ ਹੋਈ ਹੈ, ਜੋਕਿ ਕੁੰਭੜਾ ਸਥਿਤ ਸਰਕਾਰੀ ਸਕੂਲ ਵਿਚ ਹੈੱਡ ਮਾਸਟਰ ਦੇ ਅਹੁਦੇ 'ਤੇ ਤਾਇਨਾਤ ਸੀ। ਦੱਸਿਆ ਜਾ ਰਿਹਾ ਹੈ ਕਿ ਉਹ ਸਕੂਲ ਨਾਲ ਸਬੰਧਤ ਕੰਮ ਦੇ ਸਿਲਸਿਲੇ ਵਿਚ ਉਥੇ ਮੌਜੂਦ ਸਨ, ਇਸੇ ਦੌਰਾਨ ਹਮਲਾਵਰਾਂ ਨੇ ਉਨ੍ਹਾਂ ਨੂੰ ਘੇਰ ਕੇ ਹਮਲਾ ਕਰ ਦਿੱਤਾ, ਜਿਸ ਕਰਕੇ ਮਾਸਟਰ ਦੀ ਮੌਤ ਹੋ ਗਈ। ਸ਼ੁਰੂਆਤੀ ਜਾਣਕਾਰੀ ਮੁਤਾਬਕ ਦੋਸ਼ੀ ਇਕ ਕਾਰ ਵਿਚ ਸਵਾਰ ਹੋ ਕੇ ਆਏ ਸਨ। ਉਨ੍ਹਾਂ ਨੇ ਗੁਰਸੇਵਕ ਸਿੰਘ ਨੂੰ ਨਿਸ਼ਾਨਾ ਬਣਾ ਕੇ ਅਚਾਨਕ ਹਮਲਾ ਕਰ ਦਿੱਤਾ। ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਦੋਸ਼ੀ ਉਸੇ ਕਾਰ 'ਚ ਬੈਠ ਕੇ ਫਰਾਰ ਹੋ ਗਏ। ਪੁਲਸ ਹੁਣ ਹਮਲਾਵਰਾਂ ਦੀ ਪਛਾਣ ਅਤੇ ਉਨ੍ਹਾਂ ਦੀ ਕਾਰ ਦਾ ਪਤਾ ਲਗਾਉਣ ਵਿਚ ਜੁਟੀ ਹੋਈ ਹੈ।

## ਪੰਜਾਬ ਵਾਸੀ ਧਿਆਨ ਦੇਣ

# ਪੌਂਗ ਡੈਮ ਤੋਂ ਸਾਵਧਾਨ !



**ਚੰਡੀਗੜ੍ਹ, 9 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੌਂਗ ਡੈਮ ਦੀ ਮਹਾਰਾਣਾ ਪ੍ਰਤਾਪ ਸਾਗਰ ਝੀਲ 'ਚ ਪਾਣੀ ਦਾ ਪੱਧਰ ਫਿਲਹਾਲ ਪੂਰੀ ਤਰ੍ਹਾਂ ਸੁਰੱਖਿਅਤ ਹੈ, ਜੋਕਿ ਆਸ-ਪਾਸ ਦੇ ਅਤੇ ਹੇਠਲੇ ਇਲਾਕਿਆਂ ਦੇ ਨਿਵਾਸੀਆਂ ਲਈ ਰਾਹਤ ਦੀ ਖ਼ਬਰ ਹੈ। ਅੱਜ ਡੈਮ 'ਚ ਪਾਣੀ ਦਾ ਪੱਧਰ ਖ਼ਤਰੇ ਦੇ ਨਿਸ਼ਾਨ ਤੋਂ 42 ਫੁੱਟ ਹੇਠਾਂ ਦਰਜ ਕੀਤਾ ਗਿਆ। ਪ੍ਰਾਪਤ ਜਾਣਕਾਰੀ ਮੁਤਾਬਕ ਅੱਜ ਝੀਲ 'ਚ ਪਾਣੀ ਦਾ ਲੈਵਲ 1347.73 ਫੁੱਟ ਨੋਟ ਕੀਤਾ ਗਿਆ। ਇਸ ਵੇਲੇ ਝੀਲ 'ਚ ਪਾਣੀ ਦੀ ਆਮਦ 42,824 ਕਿਊਸਿਕ ਅਤੇ ਛੱਡੇ ਜਾ ਰਹੇ ਪਾਣੀ (ਆਊਟਫਲੋ) ਦੀ ਮਾਤਰਾ 14,706 ਕਿਊਸਿਕ ਹੈ। ਇਥੇ ਦੱਸਣਯੋਗ ਹੈ ਕਿ ਪਿਛਲੇ ਸਾਲ (ਇਸੇ ਦਿਨ) ਪਾਣੀ ਦਾ ਲੈਵਲ ਫੁੱਟ 1376.30 ਫੁੱਟ ਪਾਣੀ ਦੀ ਆਮਦ 46,492 ਕਿਊਸਿਕ ਸੀ ਅਤੇ ਪਾਣੀ ਦੀ ਨਿਕਾਸੀ 40195 ਕਿਊਸਿਕ ਸੀ ਜੋਕਿ ਪਿਛਲੇ ਸਾਲ ਦੇ ਮੁਕਾਬਲੇ ਸਥਿਤੀ ਕਾਫ਼ੀ ਬਿਹਤਰ ਹੈ। ਡੈਮ ਪ੍ਰਬੰਧਕਾਂ ਤੋਂ ਮਿਲੀ ਜਾਣਕਾਰੀ ਮੁਤਾਬਕ ਫਿਲਹਾਲ ਪਾਣੀ ਦਾ ਪੱਧਰ ਪੂਰੀ ਤਰ੍ਹਾਂ ਕੰਟਰੋਲ ਹੇਠ ਹੋਣ ਕਾਰਨ ਹੜ੍ਹਾਂ ਵਰਗੀ ਸਥਿਤੀ ਦਾ ਕੋਈ ਖ਼ਤਰਾ ਨਹੀਂ ਹੈ, ਜਿਸ ਨਾਲ ਹੇਠਲੇ ਪਿੰਡਾਂ ਦੇ ਲੋਕਾਂ ਨੇ ਸੁੱਖ ਦਾ ਸਾਹ ਲਿਆ ਹੈ। ਪ੍ਰਸ਼ਾਸਨ ਵੱਲੋਂ ਸਥਿਤੀ 'ਤੇ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ।

## ਸਾਬਕਾ ਮੁੱਖ ਮੰਤਰੀ ਮਮਤਾ ਬੈਨਰਜੀ ਦੇ ਕਾਫਲੇ 'ਤੇ ਹਮਲਾ ! ਪ੍ਰਦਰਸ਼ਨਕਾਰੀਆਂ ਨੇ ਗੱਡੀ 'ਤੇ ਸੁੱਟੀਆਂ ਜੁੱਤੀਆਂ ਤੇ ਚਿੱਕੜ

**ਕੋਲਕਾਤਾ, 9 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੱਛਮੀ ਬੰਗਾਲ ਦੇ ਉੱਤਰੀ 24 ਪਰਗਨਾ ਜ਼ਿਲ੍ਹੇ ਦੇ ਹਲਿਸ਼ਹਿਰ 'ਚ ਐਤਵਾਰ ਨੂੰ ਸਾਬਕਾ ਮੁੱਖ ਮੰਤਰੀ ਮਮਤਾ ਬੈਨਰਜੀ ਦੇ ਕਾਫਲੇ 'ਤੇ ਭੀੜ ਵੱਲੋਂ ਹਮਲਾ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਪ੍ਰਦਰਸ਼ਨਕਾਰੀਆਂ ਨੇ ਨਾ ਸਿਰਫ਼ ਉਨ੍ਹਾਂ ਦਾ ਰਸਤਾ ਰੋਕਿਆ, ਸਗੋਂ ਉਨ੍ਹਾਂ ਦੀ ਗੱਡੀ 'ਤੇ ਚਿੱਕੜ ਤੇ ਜੁੱਤੀਆਂ ਵੀ ਸੁੱਟੀਆਂ।



ਪ੍ਰਾਪਤ ਜਾਣਕਾਰੀ ਅਨੁਸਾਰ ਮਮਤਾ ਬੈਨਰਜੀ ਤ੍ਰਿਣਮੂਲ ਕਾਂਗਰਸ ਦੇ ਇੱਕ ਮ੍ਰਿਤਕ ਕਰਮਚਾਰੀ ਦੇ ਘਰ ਅਫ਼ਸੋਸ ਪ੍ਰਗਟ ਕਰਨ ਲਈ ਜਾ ਰਹੇ ਸਨ। ਜਦੋਂ ਉਨ੍ਹਾਂ ਦਾ ਕਾਫਲਾ ਹਲਿਸ਼ਹਿਰ ਇਲਾਕੇ 'ਚ ਪਹੁੰਚਿਆ, ਤਾਂ ਉੱਥੇ ਪਹਿਲਾਂ ਤੋਂ ਹੀ ਮੌਜੂਦ ਗੁੱਸੇ ਵਿੱਚ ਆਏ ਲੋਕਾਂ ਨੇ ਕਾਫਲੇ ਨੂੰ ਘੇਰ ਲਿਆ ਅਤੇ ਹਮਲਾ ਕਰ ਦਿੱਤਾ। ਇਸ ਹੰਗਾਮੇ ਦੇ ਪਿੱਛੇ ਮ੍ਰਿਤਕ ਪਾਰਟੀ ਵਰਕਰ ਦੇ ਪਰਿਵਾਰ ਵੱਲੋਂ ਲਗਾਏ ਗਏ ਗੰਭੀਰ ਦੋਸ਼ ਦੱਸੇ ਜਾ ਰਹੇ ਹਨ। ਪਰਿਵਾਰਕ ਮੈਂਬਰਾਂ ਦਾ ਦੋਸ਼ ਹੈ ਕਿ ਸਥਾਨਕ ਪੁਲਸ ਨੇ ਉਸ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਕੇ ਬੇਰਹਿਮੀ ਨਾਲ ਕੁੱਟਿਆ ਸੀ, ਜਿਸ ਕਾਰਨ ਉਸ ਦੀ ਮੌਤ ਹੋ ਗਈ। ਇਸੇ ਗੁੱਸੇ ਕਾਰਨ ਸਥਾਨਕ ਲੋਕਾਂ ਨੇ ਸਾਬਕਾ ਮੁੱਖ ਮੰਤਰੀ ਦੇ ਦੌਰੇ ਦਾ ਵਿਰੋਧ ਕੀਤਾ। ਸਥਿਤੀ ਨੂੰ ਤਣਾਅਪੂਰਨ ਹੁੰਦਾ ਦੇਖ ਮੌਕੇ 'ਤੇ ਭਾਰੀ ਪੁਲਸ ਬਲ ਤਾਇਨਾਤ ਕੀਤਾ ਗਿਆ। ਪੁਲਸ ਨੇ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਮਮਤਾ ਬੈਨਰਜੀ ਨੂੰ ਪ੍ਰਦਰਸ਼ਨਕਾਰੀਆਂ ਦੇ ਘੇਰੇ ਵਿੱਚੋਂ ਕੱਢ ਕੇ ਇਲਾਕੇ ਤੋਂ ਸੁਰੱਖਿਅਤ ਬਾਹਰ ਪਹੁੰਚਾਇਆ। ਫਿਲਹਾਲ ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ ਅਤੇ ਇਲਾਕੇ ਵਿੱਚ ਸਥਿਤੀ ਨੂੰ ਕਾਬੂ ਹੇਠ ਰੱਖਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

## 2027 ਤੋਂ ਪਹਿਲਾਂ 'ਆਪ' 'ਚ ਲੱਗੀ ਅਸਤੀਫਿਆਂ ਦੀ ਝੜੀ, ਬਲਜਿੰਦਰ ਸਿੰਘ ਥਾਂਦੇ ਮਗਰੋਂ ਇਨ੍ਹਾਂ ਆਗੂਆਂ ਨੇ ਵੀ ਦਿੱਤਾ ਅਸਤੀਫਾ



**ਅੰਮ੍ਰਿਤਸਰ, 9 ਅਗਸਤ (ਆਵਾਜ਼ਿ ਕੌਮ ਬਿਊਰੋ)**-ਇੱਕ ਪਾਸੇ ਜਿੱਥੇ ਹਰ ਇੱਕ ਪਾਰਟੀ ਵੱਲੋਂ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਉੱਥੇ ਹੀ ਦੂਜੇ ਪਾਸੇ ਆਮ ਆਦਮੀ ਪਾਰਟੀ ਨੂੰ ਇੱਕ ਤੋਂ ਬਾਅਦ ਇੱਕ ਵੱਡਾ ਝਟਕਾ ਲੱਗਿਆ ਹੈ। ਦੱਸ ਦਈਏ ਕਿ ਅੰਮ੍ਰਿਤਸਰ 'ਚ ਬਲਜਿੰਦਰ ਸਿੰਘ ਥਾਂਦੇ ਵੱਲੋਂ ਅਸਤੀਫਾ ਦਿੱਤਾ ਗਿਆ। ਇਸ ਮਾਮਲੇ ਨੂੰ ਅਜੇ ਕੁਝ ਹੀ ਸਮਾਂ ਹੋਇਆ ਸੀ ਕਿ ਹਲਕਾ ਰਾਜਾਸਾਂਸੀ ਤੋਂ ਇੱਕ ਤੋਂ ਬਾਅਦ ਇੱਕ ਅਸਤੀਫੇ ਦੀ ਝੜੀ ਲੱਗ ਗਈ। ਮਿਲੀ ਜਾਣਕਾਰੀ ਮੁਤਾਬਿਕ ਰਾਜਾਸਾਂਸੀ ਦੇ ਬਲਾਕ ਪ੍ਰਧਾਨ ਦਿਲਬਾਗ ਸਿੰਘ ਔਲਖ ਨੇ ਵੀ ਆਮ ਆਦਮੀ ਪਾਰਟੀ ਨੂੰ ਛੱਡ ਦਿੱਤਾ ਹੈ। ਇਸ ਤੋਂ ਬਾਅਦ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਜੁਆਇੰਟ ਸਕੱਤਰ ਤੇ ਰਾਜਾਸਾਂਸੀ ਦੇ ਮੀਡੀਆ ਇੰਚਾਰਜ ਸ਼ਿਵ ਕੁਮਾਰ ਚੌਗਾਵਾਂ ਨੇ ਪਾਰਟੀ ਨੂੰ ਅਲਵਿਦਾ ਆਖ ਦਿੱਤਾ। ਦੱਸ ਦਈਏ ਕਿ ਸ਼ਿਵ ਕੁਮਾਰ ਚੌਗਾਵਾਂ ਨੇ ਪਾਰਟੀ ਦੇ ਸਾਰੇ ਅਹੁਦਿਆਂ ਅਤੇ ਮੁੱਢਲੀ ਮੈਂਬਰਸ਼ਿਪ ਤੋਂ ਅਸਤੀਫਾ ਦੇ ਦਿੱਤਾ ਹੈ। ਜਿਸ ਨਾਲ ਪਾਰਟੀ ਨੂੰ ਗੁਰੂ ਨਗਰੀ ਤੋਂ ਵੱਡਾ ਝਟਕਾ ਲੱਗਿਆ ਹੈ। ਦੱਸ ਦਈਏ ਕਿ ਦਿਲਬਾਗ ਸਿੰਘ ਔਲਖ ਪਿਛਲੇ 14 ਸਾਲਾਂ ਤੋਂ ਪਾਰਟੀ ਦੇ ਵੱਖ-ਵੱਖ ਅਹੁਦਿਆਂ ਤੋਂ ਸੇਵਾ ਨਿਭਾ ਚੁੱਕੇ ਹਨ। ਕਾਬਿਲੇਗੌਰ ਹੈ ਕਿ ਇਨ੍ਹਾਂ ਤੋਂ ਪਹਿਲਾਂ ਡਾਇਰੈਕਟਰ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਪੰਜਾਬ ਅਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ ਢਿੱਲੋਂ ਥਾਂਦੇ ਨੇ ਆਮ ਆਦਮੀ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਸਮੇਤ ਪਾਰਟੀ ਦੀਆਂ ਜ਼ਿੰਮੇਵਾਰੀਆਂ ਤੋਂ ਅਸਤੀਫ਼ਾ ਦੇ ਦਿੱਤਾ ਸੀ। ਉਨ੍ਹਾਂ ਨੇ ਆਪਣਾ ਅਸਤੀਫਾ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੂੰ ਭੇਜ ਦਿੱਤਾ। ਇੱਥੇ ਇਹ ਵੀ ਦੱਸਣਯੋਗ ਹੈ ਕਿ ਬਲਜਿੰਦਰ ਸਿੰਘ ਢਿੱਲੋਂ ਥਾਂਦੇ ਪਾਰਟੀ ਵਿਚ ਲੰਬੇ ਸਮੇਂ ਤੋਂ ਸਰਗਰਮ ਰਹੇ ਸਨ ਅਤੇ ਜ਼ਿਲ੍ਹਾ ਪੱਧਰ 'ਤੇ ਅਹਿਮ ਜ਼ਿੰਮੇਵਾਰੀ ਵੀ ਨਿਭਾ ਚੁੱਕੇ ਸਨ। ਉਨ੍ਹਾਂ ਵਲੋਂ ਅਚਾਨਕ ਪਾਰਟੀ ਤੋਂ ਅਸਤੀਫ਼ਾ ਦਿੱਤੇ ਜਾਣ ਨਾਲ ਸਿਆਸੀ ਹਲਕਿਆਂ ਵਿਚ ਚਰਚਾਵਾਂ ਤੇਜ਼ ਹੋ ਗਈਆਂ ਹਨ। ਖੈਰ ਇਨ੍ਹਾਂ ਦੇ ਅਸਤੀਫੇ ਮਗਰੋਂ ਇਹ ਚਰਚਾ ਬੇਸ਼ਕ ਸ਼ੁਰੂ ਹੋ ਚੁੱਕੀ ਸੀ ਕਿ ਉਨ੍ਹਾਂ ਦੇ ਅਸਤੀਫਾ ਦੇ ਬਾਅਦ ਕਈ ਆਗੂ ਹੋਰ ਪਾਰਟੀ ਨੂੰ ਅਲਵਿਦਾ ਆਖ ਸਕਦੇ ਹਨ ਅਤੇ ਅਜਿਹਾ ਹੋਇਆ ਵੀ।

## ਆਂਧਰਾ ਪ੍ਰਦੇਸ਼ ਤੋਂ ਲਾਪਤਾ ਬੱਚਾ ਅੰਮ੍ਰਿਤਸਰ 'ਚ ਭਟਕਦਾ ਮਿਲਿਆ, ਅਧਿਆਪਕ ਤੋਂ ਡਰਦੇ ਨੇ ਚੁੱਕਿਆ ਸੀ ਕਦਮ, ਮਾਪੇ ਹੋਏ ਭਾਵੁਕ

**ਅੰਮ੍ਰਿਤਸਰ, 9 ਅਗਸਤ (ਆਵਾਜ਼ਿ ਕੌਮ ਬਿਊਰੋ)**-ਆਂਧਰਾ ਪ੍ਰਦੇਸ਼ ਦੇ ਵਿਸ਼ਾਖਾਪਟਨਮ ਤੋਂ ਲਾਪਤਾ ਹੋਇਆ 15 ਸਾਲਾ ਬੱਚਾ ਰੇਲਵੇ ਚਾਈਲਡ ਹੈਲਪ ਡੈਸਕ ਅਤੇ ਸਮਾਜਿਕ ਸੁਰੱਖਿਆ ਵਿਭਾਗ ਦੀਆਂ ਕੋਸ਼ਿਸ਼ਾਂ ਸਦਕਾ ਤਿੰਨ ਦਿਨਾਂ ਬਾਅਦ ਆਪਣੇ ਮਾਪਿਆਂ ਨਾਲ ਮਿਲ ਗਿਆ। ਬੱਚਾ ਘਰ ਤੋਂ ਨਿਕਲ ਕੇ ਲਗਭਗ 2500 ਕਿਲੋਮੀਟਰ ਦੂਰ ਅੰਮ੍ਰਿਤਸਰ ਪਹੁੰਚ ਗਿਆ ਸੀ। ਭਾਸ਼ਾ ਵੱਖਰੀ ਹੋਣ ਕਾਰਨ ਬੱਚੇ ਦੀ ਪਛਾਣ ਅਤੇ ਪਰਿਵਾਰ ਦੀ ਭਾਲ ਕਰਨਾ ਟੀਮ ਲਈ ਚੁਣੌਤੀਪੂਰਨ ਰਿਹਾ, ਪਰ ਲਗਾਤਾਰ ਕੋਸ਼ਿਸ਼ਾਂ ਤੋਂ ਬਾਅਦ ਪਰਿਵਾਰ ਨਾਲ ਸੰਪਰਕ ਕਾਇਮ ਕਰ ਲਿਆ ਗਿਆ। ਭਲਾਈ ਕਮੇਟੀ ਅੰਮ੍ਰਿਤਸਰ ਦੇ ਐਡਵੋਕੇਟ ਐਮ.ਕੇ. ਸ਼ਰਮਾ ਨੇ ਦੱਸਿਆ ਕਿ 6 ਅਗਸਤ 2026 ਨੂੰ ਰੇਲਵੇ ਪੁਲਿਸ ਵੱਲੋਂ ਸੂਚਨਾ ਮਿਲੀ ਸੀ ਕਿ ਰੇਲਵੇ



ਸਟੇਸ਼ਨ 'ਤੇ ਇੱਕ 15 ਸਾਲਾ ਬੱਚਾ ਲਾਪਤਾ ਹਾਲਤ ਵਿੱਚ ਮਿਲਿਆ ਹੈ। ਸੂਚਨਾ ਮਿਲਦੇ ਹੀ ਰੇਲਵੇ ਚਾਈਲਡ ਹੈਲਪ ਡੈਸਕ ਦੇ ਕਰਮਚਾਰੀਆਂ ਨੂੰ ਮੌਕੇ 'ਤੇ ਭੇਜਿਆ ਗਿਆ ਅਤੇ ਬੱਚੇ ਨੂੰ ਰੈਸਕਿਊ ਕਰਕੇ ਸੁਰੱਖਿਅਤ ਢੰਗ ਨਾਲ ਆਪਣੇ ਕਬਜ਼ੇ ਵਿੱਚ ਲਿਆ ਗਿਆ। ਬੱਚੇ ਨੂੰ ਕਾਊਂਸਲਿੰਗ ਦੌਰਾਨ ਪਤਾ ਲੱਗਿਆ ਕਿ ਉਹ ਆਂਧਰਾ ਪ੍ਰਦੇਸ਼ ਦੇ ਵਿਸ਼ਾਖਾਪਟਨਮ ਖੇਤਰ ਨਾਲ ਸਬੰਧਤ ਹੈ। ਬੱਚਾ ਤੇਲਗੂ ਭਾਸ਼ਾ ਬੋਲਦਾ ਸੀ, ਜਿਸ ਕਾਰਨ ਉਸ ਨਾਲ ਗੱਲਬਾਤ ਕਰਨ ਅਤੇ ਪੂਰਾ ਪਤਾ ਹਾਸਲ ਕਰਨ ਵਿੱਚ ਭਾਸ਼ਾ ਦੀ ਸਮੱਸਿਆ ਆਈ। ਇਸ ਦੇ ਬਾਵਜੂਦ ਟੀਮ ਨੇ ਬੱਚੇ ਨਾਲ ਲਗਾਤਾਰ ਗੱਲਬਾਤ ਕਰਕੇ ਉਸ ਦੇ ਘਰ ਅਤੇ ਇਲਾਕੇ ਸਬੰਧੀ ਜਾਣਕਾਰੀ ਇਕੱਠੀ ਕੀਤੀ। ਐਡਵੋਕੇਟ ਸ਼ਰਮਾ ਨੇ ਦੱਸਿਆ ਕਿ ਬੱਚੇ ਦੀ ਸੁਰੱਖਿਆ ਅਤੇ ਦੇਖਭਾਲ ਨੂੰ ਯਕੀਨੀ ਬਣਾਉਣ ਲਈ ਉਸ ਨੂੰ ਚਿਲਡਰਨ ਹੋਮ ਫਾਰ ਬੁਆਇਜ਼ ਭੇਜਿਆ ਗਿਆ। ਇਸ ਤੋਂ ਬਾਅਦ ਆਂਧਰਾ ਪ੍ਰਦੇਸ਼ ਦੇ ਵਿਸ਼ਾਖਾਪਟਨਮ ਪ੍ਰਸ਼ਾਸਨ, ਪੁਲਿਸ ਅਤੇ ਸਥਾਨਕ ਚਾਈਲਡ ਵੈਲਫੇਅਰ ਕਮੇਟੀ ਨਾਲ ਸੰਪਰਕ ਕੀਤਾ ਗਿਆ। ਲਗਾਤਾਰ ਤਾਲਮੇਲ ਤੋਂ ਬਾਅਦ ਬੱਚੇ ਦੇ ਮਾਪਿਆਂ ਦਾ ਪਤਾ ਲਗਾਇਆ ਗਿਆ ਅਤੇ ਉਨ੍ਹਾਂ ਨੂੰ ਅੰਮ੍ਰਿਤਸਰ ਪਹੁੰਚਣ ਲਈ ਕਿਹਾ ਗਿਆ। ਐਤਵਾਰ ਨੂੰ ਬੱਚੇ ਦੇ ਮਾਪੇ ਅੰਮ੍ਰਿਤਸਰ ਪਹੁੰਚੇ। ਜ਼ਰੂਰੀ ਦਸਤਾਵੇਜ਼ਾਂ ਦੀ ਜਾਂਚ ਕਰਨ ਅਤੇ ਬੱਚੇ ਦੀ ਸਹਿਮਤੀ ਲੈਣ ਤੋਂ ਬਾਅਦ ਉਸ ਨੂੰ ਉਸ ਦੇ ਮਾਪਿਆਂ ਦੇ ਸਪੁਰਦ ਕਰ ਦਿੱਤਾ ਗਿਆ। ਐਡਵੋਕੇਟ ਸ਼ਰਮਾ ਨੇ ਕਿਹਾ ਕਿ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਛੁੱਟੀ ਜਾਂ ਐਤਵਾਰ ਦੀ ਪਰਵਾਹ ਕੀਤੇ ਬਿਨਾਂ ਬੱਚਿਆਂ ਨੂੰ ਜਲਦ ਤੋਂ ਜਲਦ ਉਨ੍ਹਾਂ ਦੇ ਪਰਿਵਾਰਾਂ ਤੱਕ ਪਹੁੰਚਾਉਣਾ ਪਹਿਲੀ ਤਰਜੀਹ ਹੈ। ਬੱਚੇ ਦੇ ਪਰਿਵਾਰ ਨੇ ਦੱਸਿਆ ਕਿ ਸਕੂਲ ਵਿੱਚ ਉਸ ਦੇ ਹੱਥੋਂ ਲੈਪਟਾਪ ਜਾਂ ਟੈਬਲੇਟ ਡਿੱਗ ਕੇ ਟੁੱਟ ਗਿਆ ਸੀ। ਇਸ ਕਾਰਨ ਅਧਿਆਪਕ ਵੱਲੋਂ ਉਸ ਨੂੰ ਡਾਂਟਿਆ ਗਿਆ ਅਤੇ ਪੁਲਿਸ ਕੋਲ ਸ਼ਿਕਾਇਤ ਕਰਨ ਦੀ ਗੱਲ ਕਹੀ ਗਈ। ਡਰ ਦੇ ਕਾਰਨ ਬੱਚਾ ਘਰ ਵਾਪਸ ਆਇਆ, ਸਕੂਲ ਦੀ ਵਰਦੀ ਉਤਾਰ ਕੇ ਹੋਰ ਕੱਪੜੇ ਪਾਏ ਅਤੇ ਪਰਿਵਾਰ ਨੂੰ ਬਿਨਾਂ ਦੱਸੇ ਘਰੋਂ ਨਿਕਲ ਗਿਆ ਸੀ। ਪਰਿਵਾਰ ਨੇ ਵਿਸ਼ਾਖਾਪਟਨਮ ਵਿੱਚ ਪੁਲਿਸ ਕੋਲ ਗੁੰਮਸ਼ੁਦਗੀ ਦੀ ਰਿਪੋਰਟ ਵੀ ਦਰਜ ਕਰਵਾਈ ਸੀ।

## ਤੇਜ਼ ਰਫਤਾਰ ਗੱਡੀ ਨੇ 4 ਕਾਂਵੜੀਆਂ ਨੂੰ ਮਾਰੀ ਟੱਕਰ; 3 ਦੀ ਮੌਤ, ਇੱਕ ਗੰਭੀਰ ਜ਼ਖ਼ਮੀ, ਇੰਝ ਵਾਪਰਿਆ ਸੀ ਹਾਦਸਾ




**ਸ੍ਰੀ ਫਤਿਹਗੜ੍ਹ ਸਾਹਿਬ, 9 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਫਤਿਹਗੜ੍ਹ ਸਾਹਿਬ ਵਿੱਚ, ਇੱਕ ਤੇਜ਼ ਰਫ਼ਤਾਰ ਕਾਰ ਨੇ ਚਾਰ ਕਾਂਵੜੀਏ ਨੂੰ ਭਿਆਨਕ ਟੱਕਰ ਮਾਰ ਦਿੱਤਾ। ਜਿਸ ਵਿੱਚ ਤਿੰਨ ਦੀ ਮੌਕੇ 'ਤੇ ਹੀ ਮੌਤ ਹੋ ਗਈ ਅਤੇ ਚੌਥਾ ਗੰਭੀਰ ਹਾਲਤ ਵਿੱਚ ਰਹਿ ਗਿਆ। ਉਹ ਸ਼ਿਵਰਾਤਰੀ ਲਈ ਗੰਗੋਤਰੀ ਤੋਂ ਗੰਗਾ ਜਲ ਦਾ ਡਾਕ ਕੰਵਰ ਲੈ ਕੇ ਫਰੀਦਕੋਟ ਵਾਪਸ ਆ ਰਹੇ ਸਨ। ਹਾਦਸਾ ਇੰਨਾ ਭਿਆਨਕ ਸੀ ਕਿ ਤਿੰਨ ਨੌਜਵਾਨਾਂ ਦੀਆਂ ਲਾਸ਼ਾਂ ਸੜਕ ਦੇ ਪਾਰ ਖਿੰਡ ਗਈਆਂ। ਘਟਨਾ ਦੀ ਜਾਣਕਾਰੀ ਮਿਲਦੇ ਹੀ ਪੁਲਿਸ ਮੌਕੇ 'ਤੇ ਪਹੁੰਚੀ, ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਹਸਪਤਾਲ ਭੇਜ ਦਿੱਤਾ। ਇਹ ਹਾਦਸਾ ਸਰਹਿੰਦ ਅਤੇ ਮੰਡੀ ਗੋਬਿੰਦਗੜ੍ਹ ਵਿਚਕਾਰ ਹਾਈਵੇਅ 'ਤੇ ਵਾਪਰਿਆ। ਸਾਰੇ ਮ੍ਰਿਤਕ ਕੋਟਕਪੂਰਾ ਦੇ ਰਹਿਣ ਵਾਲੇ ਹਨ। ਇਨ੍ਹਾਂ ਵਿੱਚ ਡਾਕਟਰ ਹਰਪਾਲ ਗਲੀ ਦੇ ਰਹਿਣ ਵਾਲੇ ਜਗਦੀਸ਼ ਮਿੱਤਲ (40), ਹਰੀਨੌਂ ਰੋਡ ਦੇ ਰਹਿਣ ਵਾਲੇ ਮਹਿੰਦਰ ਪਾਲ (43) ਅਤੇ ਸੁਰਗਾਪੁਰੀ ਦੇ ਰਹਿਣ ਵਾਲੇ ਦੀਪਕ ਕੁਮਾਰ (42) ਸ਼ਾਮਲ ਹਨ। ਕੋਟਕਪੂਰਾ ਦੇ ਸਰਕਾਰੀ ਗਰਲਜ਼ ਸਕੂਲ ਦੇ ਨੇੜੇ ਰਹਿਣ ਵਾਲਾ ਮੁਕੇਸ਼ ਗੋਇਲ ਗੰਭੀਰ ਜ਼ਖਮੀ ਹੋ ਗਿਆ ਅਤੇ ਉਸਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਦੱਸ ਦਈਏ ਕਿ ਇਹ ਕਾਂਵੜੀਏ ਕੋਟਕਪੂਰਾ ਤੋਂ ਦੋ ਵੱਖ-ਵੱਖ ਕਾਂਵੜ ਸਮੂਹਾਂ ਨਾਲ ਡਾਕ ਕਾਂਵੜ ਨੂੰ ਗੰਗੋਤਰੀ ਤੋਂ ਲਿਆਉਣ ਲਈ ਰਵਾਨਾ ਹੋਈਆਂ ਸੀ। ਉਹ 30 ਜੁਲਾਈ ਨੂੰ ਗੰਗੋਤਰੀ ਲਈ ਰਵਾਨਾ ਹੋਏ ਸਨ ਅਤੇ ਸੋਮਵਾਰ, 10 ਅਗਸਤ ਨੂੰ ਕਾਂਵੜ ਨਾਲ ਕੋਟਕਪੂਰਾ ਵਾਪਸ ਆਉਣਾ ਸੀ। ਕੋਟਕਪੂਰਾ ਦੇ ਪ੍ਰਾਚੀਨ ਡੇਰਾ ਦੁੱਧਾਧਾਰੀ ਤੋਂ ਸ਼ਿਵ ਤ੍ਰਿਲੋਕੀ ਨਾਥ ਕਾਂਵੜ ਸੰਘ ਅਤੇ ਸ਼੍ਰੀ ਰਾਮਬਾਗ ਮੰਦਰ ਤੋਂ ਨਵਾਂ ਸ਼ਿਵ ਕਾਂਵੜ ਸੰਘ ਗੰਗੋਤਰੀ ਤੋਂ ਡਾਕ ਕਾਂਵੜ ਲਿਆਉਣ ਲਈ ਨਿਕਲੇ ਸੀ। ਪਰ ਵਾਪਸ ਆਉਂਦੇ ਸਮੇਂ ਇਹ ਹਾਦਸਾ ਵਾਪਰਿਆ। ਦੱਸ ਦਈਏ ਕਿ ਇਹ ਹਾਦਸਾ ਰਾਤ ਨੂੰ ਹਾਈਵੇਅ 'ਤੇ ਵਾਪਰਿਆ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

- ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ
- ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।

ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**


Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ

ਜਥਾ ਭਿੰਡਰਾਂ (ਮਹਿਤਾ)

www.damdamitaksal.net

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

## 1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**

**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**

ਸੰਪਰਕ ਨੰਬਰ 84278-66404

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


ਕਥਾ ਵਿਚਾਰ
ਗੁਰਦੁਆਰਾ ਸ੍ਰੀ
ਬੰਗਲਾ ਸਾਹਿਬ ਵਿਖੇ
ਮਿਤੀ 9 ਅਗਸਤ ਦਿਨ ਐਤਵਾਰ
ਮਿਤੀ 10 ਅਗਸਤ ਦਿਨ ਸੋਮਵਾਰ
ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ
ਸੰਪਰਕ : 98140-13915
ਸਿੱਧਾ ਪ੍ਰਸਾਰਨ : CHARDIKLA TIME TV
ਸਮਾਂ : ਸਵੇਰੇ 7.30 ਤੋਂ 8.30 ਤੱਕ


ੴ ਸਤਿਗੁਰ ਪ੍ਰਸਾਦਿ॥
ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ
ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ
ਮਿਤੀ 22 ਅਗਸਤ 2026 ਦਿਨ ਸ਼ਨੀਵਾਰ ਨੂੰ
ਬਰਸੀ ਸਮਾਗਮ
ਕਰਵਾਇਆ ਜਾ ਰਿਹਾ ਹੈ, ਆਪ ਸਭ ਨੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।
ਗੁਰੂ ਕਾ ਲੰਗਰ ਅਟੁੱਟ ਵਰਤੇਗਾ
20 ਅਗਸਤ ਦਿਨ ਵੀਰਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ
22 ਅਗਸਤ ਦਿਨ ਸ਼ਨੀਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ।
ਸਿੰਘ ਸਾਹਿਬ
ਗਿਆਨੀ ਜਸਵੀਰ ਸਿੰਘ ਜੀ ਰੋਡੇ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ,
ਸਰਪ੍ਰਸਤ ਪੰਥਕ ਅਕਾਲੀ ਦਲ
ਪਹੁੰਚ ਰਹੇ ਪੰਥ ਪ੍ਰਸਿੱਧ
ਕਥਾ ਵਾਚਕ, ਕੀਰਤਨੀ ਜਥੇ
ਭਾਈ ਬਲਵੰਤ ਸਿੰਘ
ਬਕਾਪੁਰ ਵਾਲੇ
ਉਸਤਾਦ ਗਿਆਨੀ ਬਲਕਾਰ ਸਿੰਘ ਜੀ
ਦਮਦਮੀ ਟਕਸਾਲ ਵਾਲੇ
ਪੰਥ ਪ੍ਰਸਿੱਧ ਕਵੀਸ਼ਰ
ਗਿਆਨੀ ਕੇਵਲ ਸਿੰਘ ਮਹਿਤਾ, ਕੋਮਲ ਅਤੇ ਸੋਹੀ ਭਰਾ
ਬੇਨਤੀ ਕਰਤਾ
ਜਥੇਦਾਰ ਸਵਰਨਜੀਤ ਸਿੰਘ (ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) ਮੋਬਾ. 98760-81108
ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।
ਆਵਾਜ਼ਿ ਕੌਮ
AWAZE QAUM
International Newspaper & WEB TV

ਸੱਦਾ-ਪੱਤਰ

ੴ ਸਤਿਗੁਰ ਪ੍ਰਸਾਦਿ ॥

## ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ

ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ

ਮਿਤੀ 22 ਅਗਸਤ 2026 ਦਿਨ ਸ਼ਨੀਵਾਰ ਨੂੰ

# ਬਰਸੀ ਸਮਾਗਮ

ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਬਰਸੀ ਸਮਾਗਮ ਵਿੱਚ ਆਪ ਜੀ ਨੇ ਪਰਿਵਾਰ ਅਤੇ ਵੱਧ ਤੋਂ ਵੱਧ ਸੰਗਤਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

|| 20 ਅਗਸਤ ਦਿਨ ਵੀਰਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ
22 ਅਗਸਤ ਦਿਨ ਸ਼ਨੀਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ ||

**ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ**
(ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਸਰਪ੍ਰਸਤ ਪੰਥਕ ਅਕਾਲੀ ਦਲ

*ਪਹੁੰਚ ਰਹੇ ਪੰਥ ਪ੍ਰਸਿੱਧ ਕਥਾ ਵਾਚਕ, ਕਵੀਸ਼ਰੀ ਅਤੇ ਕੀਰਤਨੀ ਜਥੇ :-*

* ਭਾਈ ਬਲਵੰਤ ਸਿੰਘ ਬਕਾਪੁਰ ਵਾਲੇ
* ਉਸਤਾਦ ਗਿਆਨੀ ਬਲਕਾਰ ਸਿੰਘ ਜੀ ਗੁਰੂ ਨਾਨਕ ਦਲ ਮੜ੍ਹੀਆਂ ਵਾਲੇ
* ਭਾਈ ਬਿਕਰਮਜੀਤ ਸਿੰਘ ਮਹਿੰਦਪੁਰ ਵਾਲੇ
* ਗਿਆਨੀ ਕੇਵਲ ਸਿੰਘ ਮਹਿਤਾ, ਕੋਮਲ ਅਤੇ ਸੋਹੀ ਭਰਾ (ਪੰਥ ਪ੍ਰਸਿੱਧ ਕਵੀਸ਼ਰ ਜਥਾ)

**ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ**

ਗੁਰਦੁਆਰਾ ਸ਼ਹੀਦਾਂ ਸਿੰਘਾਂ ਦੀ ਇਮਾਰਤ ਦੀ ਕਾਰ ਸੇਵਾ ਚੱਲ ਰਹੀ ਹੈ
ਸੰਗਤਾਂ ਤਨ-ਮਨ-ਧੰਨ ਨਾਲ ਯੋਗਦਾਨ ਪਾਓ ਜੀ।

ਨੋਟ : ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦੀ ਸੰਥਿਆ ਕਰਵਾਈ ਜਾਂਦੀ ਹੈ।



ਬੇਨਤੀ ਕਰਤਾ

## ਜਥੇਦਾਰ ਸਵਰਨਜੀਤ ਸਿੰਘ

(ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) 98760-81108

**ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ**

ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।

ਆਵਾਜ਼ਿ ਕੌਮ AWAZE QAUM International Newspaper & WEB TV

ਮਾਨਵੀ ਆਧਾਰ 'ਤੇ ਜਗਤਾਰ ਸਿੰਘ ਹਵਾਰਾ ਦੀ

# ਪੈਰੋਲ 'ਤੇ ਹਮਦਰਦੀ ਨਾਲ ਵਿਚਾਰ ਹੋਵੇ: ਪ੍ਰੋ. ਸਰਚਾਂਦ ਸਿੰਘ ਖਿਆਲਾ





**ਅੰਮ੍ਰਿਤਸਰ, 9 ਅਗਸਤ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਜੇਲ੍ਹ ਵਿੱਚ ਬੰਦ ਜਗਤਾਰ ਸਿੰਘ ਹਵਾਰਾ ਨੂੰ ਉਸ ਦੀ ਮਾਤਾ ਜੀ ਦੀ ਵਿਗੜਦੀ ਸਿਹਤ ਦੇ ਮੱਦੇਨਜ਼ਰ ਮਾਨਵੀ ਆਧਾਰ 'ਤੇ ਪੈਰੋਲ ਦੇਣ ਦੀ ਵਕਾਲਤ ਕਰਦਿਆਂ ਕਿਹਾ ਕਿ ਅਜਿਹੇ ਮਾਮਲੇ ਨੂੰ ਕਾਨੂੰਨ ਅਤੇ ਨਿਆਂ ਦੇ ਨਾਲ-ਨਾਲ ਮਨੁੱਖੀ ਸੰਵੇਦਨਾ ਦੇ ਪੱਖ ਤੋਂ ਵੀ ਦੇਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਰਾਜਪਾਲ ਵੱਲੋਂ ਇਸ ਸਬੰਧੀ ਫ਼ੈਸਲਾ ਲੈਂਦੇ ਸਮੇਂ ਹਵਾਰਾ ਦੀ ਮਾਤਾ ਜੀ ਦੀ ਵਧਦੀ ਉਮਰ ਅਤੇ ਵਿਗੜਦੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ, ਜੇ ਹਵਾਰਾ ਕਾਨੂੰਨ ਅਤੇ ਜੇਲ੍ਹ ਨਿਯਮਾਂ ਅਨੁਸਾਰ ਪੈਰੋਲ ਲਈ ਯੋਗ ਪਾਇਆ ਜਾਂਦਾ ਹੈ, ਤਾਂ ਉਸ ਦੀ ਅਰਜ਼ੀ 'ਤੇ ਮਾਨਵੀ ਸੰਵੇਦਨਾ ਅਤੇ ਹਮਦਰਦੀ ਨਾਲ ਵਿਚਾਰ ਕਰਨਾ ਉਚਿਤ ਹੋਵੇਗਾ। ਪ੍ਰੋ. ਖਿਆਲਾ ਨੇ ਕਿਹਾ, "ਬੇਸ਼ੱਕ ਪੰਜਾਬ ਨੂੰ ਜਜ਼ਬਾਤ ਨਾਲ ਨਹੀਂ, ਸਗੋਂ ਕਾਨੂੰਨ

> **ਬਜ਼ੁਰਗ ਮਾਂ ਦੀ ਵਿਗੜਦੀ ਸਿਹਤ ਦੇ ਮੱਦੇਨਜ਼ਰ ਆਪਣੇ ਪੁੱਤਰ ਨੂੰ ਕੁਝ ਸਮੇਂ ਲਈ ਮਿਲਣ ਦੀ ਵਾਜਬ ਮਾਨਵੀ ਇੱਛਾ 'ਤੇ ਸੰਵੇਦਨਸ਼ੀਲਤਾ ਨਾਲ ਵਿਚਾਰ ਹੋਵੇ**

ਅਤੇ ਨਿਆਂ ਦੇ ਆਧਾਰ 'ਤੇ ਚਲਾਇਆ ਜਾਣਾ ਚਾਹੀਦਾ ਹੈ। ਪਰ ਕਾਨੂੰਨ ਦਾ ਅਰਥ ਇਹ ਵੀ ਨਹੀਂ ਕਿ ਉਸ ਵਿੱਚ ਮਨੁੱਖੀ ਸੰਵੇਦਨਾ ਲਈ ਕੋਈ ਥਾਂ ਹੀ ਨਾ ਹੋਵੇ। ਜੇ ਇੱਕ ਬਜ਼ੁਰਗ ਮਾਂ ਦੀ ਵਿਗੜਦੀ ਸਿਹਤ ਦੇ ਕਾਰਨ ਆਪਣੇ ਪੁੱਤਰ ਨੂੰ ਕੁਝ ਸਮੇਂ ਲਈ ਮਿਲਣ ਦੀ ਵਾਜਬ ਅਤੇ ਕਾਨੂੰਨੀ ਲੋੜ ਪੈਦਾ ਹੁੰਦੀ ਹੈ, ਤਾਂ ਇਸ ਮਾਨਵੀ ਪੱਖ 'ਤੇ ਵੀ ਸੰਵੇਦਨਸ਼ੀਲਤਾ ਨਾਲ ਵਿਚਾਰ ਕੀਤਾ ਜਾਣਾ ਚਾਹੀਦਾ ਹੈ।" ਉਨ੍ਹਾਂ ਕਿਹਾ ਕਿ ਜਗਤਾਰ ਸਿੰਘ ਹਵਾਰਾ ਕਰੀਬ 29 ਸਾਲ ਤੋਂ ਜੇਲ੍ਹ ਵਿੱਚ ਬੰਦ ਹੈ। ਇਸ ਤੋਂ ਇਲਾਵਾ, ਹਵਾਰਾ ਵੱਲੋਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਵੀ ਪਟੀਸ਼ਨ ਦਾਇਰ ਕਰਕੇ ਚਾਰ ਹਫ਼ਤਿਆਂ ਦੀ ਪੈਰੋਲ ਦੀ ਮੰਗ ਕੀਤੀ ਗਈ ਹੈ। ਵੱਖ-ਵੱਖ ਪੰਥਕ ਧਿਰਾਂ ਵੱਲੋਂ ਵੀ ਲੰਮੇ ਸਮੇਂ ਤੋਂ ਉਸ ਦੀ ਪੈਰੋਲ ਦੀ ਮੰਗ ਕੀਤੀ ਜਾਂਦੀ ਰਹੀ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਜਗਤਾਰ ਸਿੰਘ ਹਵਾਰਾ ਨੂੰ ਉਸ ਦੀ ਮਾਤਾ ਜੀ ਦੀ ਵਿਗੜਦੀ ਸਿਹਤ ਦੇ ਮੱਦੇਨਜ਼ਰ ਮਾਨਵੀ ਆਧਾਰ 'ਤੇ 10 ਦਿਨ ਦੀ ਪੈਰੋਲ ਦੇਣ ਦੀ ਕੀਤੀ ਗਈ ਸਿਫ਼ਾਰਸ਼ ਦਾ ਵੀ ਉਨ੍ਹਾਂ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਕਿਸੇ ਵੀ ਵਿਅਕਤੀ ਦੇ ਮਾਮਲੇ ਦਾ ਫ਼ੈਸਲਾ ਉਸ ਦੀ ਰਾਜਨੀਤਿਕ ਪਛਾਣ, ਧਾਰਮਿਕ ਪਿਛੋਕੜ ਜਾਂ ਸਿਆਸੀ ਦਬਾਅ ਦੇ ਆਧਾਰ 'ਤੇ ਨਹੀਂ, ਸਗੋਂ ਕਾਨੂੰਨ, ਜੇਲ੍ਹ ਨਿਯਮਾਂ ਅਤੇ ਨਿਆਂਇਕ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹੋਣਾ ਚਾਹੀਦਾ ਹੈ। ਪੈਰੋਲ ਨੂੰ ਸਜ਼ਾ ਮੁਆਫ਼ੀ, ਸਜ਼ਾ ਦੀ ਸਮਾਪਤੀ ਜਾਂ ਬਰੀ ਹੋਣ ਦੇ ਰੂਪ ਵਿੱਚ ਨਹੀਂ ਦੇਖਿਆ ਜਾਣਾ ਚਾਹੀਦਾ। ਪੈਰੋਲ ਕਾਨੂੰਨ ਅਧੀਨ ਇੱਕ ਸੀਮਤ, ਅਸਥਾਈ ਅਤੇ ਸ਼ਰਤਬੱਧ ਪ੍ਰਬੰਧ ਹੈ। ਇਸ ਲਈ, ਜੇ ਨਿਰਧਾਰਤ ਕਾਨੂੰਨੀ ਮਾਪਦੰਡ ਪੂਰੇ ਹੁੰਦੇ ਹਨ ਤਾਂ ਮਾਨਵੀ ਹਾਲਾਤ ਨੂੰ ਧਿਆਨ ਵਿੱਚ ਰੱਖਦਿਆਂ ਪੈਰੋਲ 'ਤੇ ਵਿਚਾਰ ਕੀਤਾ ਜਾ ਸਕਦਾ ਹੈ। ਪ੍ਰੋ. ਖਿਆਲਾ ਨੇ ਸਪਸ਼ਟ ਕੀਤਾ ਕਿ **"ਨਾ ਕਿਸੇ ਨਾਲ ਸਿਆਸੀ ਬਦਲਾਖੋਰੀ ਹੋਣੀ ਚਾਹੀਦੀ ਹੈ ਅਤੇ ਨਾ ਕਿਸੇ ਨੂੰ ਸਿਆਸੀ ਰਿਆਇਤ ਦਿੱਤੀ ਜਾਣੀ ਚਾਹੀਦੀ ਹੈ। ਕਾਨੂੰਨ ਸਭ ਲਈ ਇਕਸਾਰ ਹੋਣਾ ਚਾਹੀਦਾ ਹੈ। **ਜਗਤਾਰ ਸਿੰਘ ਹਵਾਰਾ ਨੂੰ ਪੈਰੋਲ ਦੇਣ ਦਾ ਫ਼ੈਸਲਾ ਕਿਸੇ ਵਿਚਾਰਧਾਰਾ ਜਾਂ ਰਾਜਨੀਤਿਕ ਪੱਖ ਦੀ ਜਿੱਤ ਜਾਂ ਹਾਰ ਵਜੋਂ ਨਹੀਂ ਦੇਖਿਆ ਜਾਣਾ ਚਾਹੀਦਾ। ਇਹ ਮੁੱਖ ਤੌਰ 'ਤੇ ਇੱਕ ਕਾਨੂੰਨੀ ਅਤੇ ਮਾਨਵੀ ਮਾਮਲਾ ਹੈ, ਜਿਸ ਦਾ ਫ਼ੈਸਲਾ ਕਾਨੂੰਨ ਦੇ ਦਾਇਰੇ ਵਿੱਚ ਰਹਿ ਕੇ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਇੱਕ ਸਰਹੱਦੀ ਅਤੇ ਸੰਵੇਦਨਸ਼ੀਲ ਸੂਬਾ ਹੈ, ਇਸ ਲਈ ਕਾਨੂੰਨ-ਵਿਵਸਥਾ ਅਤੇ ਜਨਤਕ ਸੁਰੱਖਿਆ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ। ਜੇ ਪੈਰੋਲ ਮਨਜ਼ੂਰ ਕੀਤੀ ਜਾਂਦੀ ਹੈ ਤਾਂ ਇਸ ਨਾਲ ਜੁੜੀਆਂ ਸਾਰੀਆਂ ਕਾਨੂੰਨੀ ਸ਼ਰਤਾਂ ਅਤੇ ਸੁਰੱਖਿਆ ਪ੍ਰਬੰਧਾਂ ਦੀ ਪੂਰੀ ਪਾਲਣਾ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਪ੍ਰੋ. ਖਿਆਲਾ ਨੇ ਅੰਤ ਵਿੱਚ ਕਿਹਾ, "ਜੇ ਕਾਨੂੰਨ ਇਜਾਜ਼ਤ ਦਿੰਦਾ ਹੈ ਅਤੇ ਲੋੜੀਂਦੇ ਸੁਰੱਖਿਆ ਮਾਪਦੰਡ ਪੂਰੇ ਹੁੰਦੇ ਹਨ ਤਾਂ ਮਾਤਾ ਦੀ ਵਿਗੜਦੀ ਸਿਹਤ ਦੇ ਮੱਦੇਨਜ਼ਰ ਜਗਤਾਰ ਸਿੰਘ ਹਵਾਰਾ ਨੂੰ ਸੀਮਤ ਮਿਆਦ ਦੀ ਪੈਰੋਲ ਦੇਣ ਦੀ ਮੰਗ 'ਤੇ ਸਕਾਰਾਤਮਕ ਅਤੇ ਹਮਦਰਦੀਪੂਰਵਕ ਵਿਚਾਰ ਕੀਤਾ ਜਾਣਾ ਚਾਹੀਦਾ ਹੈ। ਮਨੁੱਖੀ ਮਰਿਆਦਾ ਦਾ ਸਤਿਕਾਰ ਅਤੇ ਕਾਨੂੰਨ-ਵਿਵਸਥਾ ਦੀ ਰੱਖਿਆ—ਦੋਵੇਂ ਹੀ ਲੋਕਤੰਤਰਿਕ ਵਿਵਸਥਾ ਦੀਆਂ ਮਹੱਤਵਪੂਰਨ ਜ਼ਿੰਮੇਵਾਰੀਆਂ ਹਨ।"

ਤਲਵੰਡੀ ਸਾਬੋ ਵਿਖੇ ਭਾਰੀ ਮੀਂਹ ਨੇ

# ਜਨ ਜੀਵਨ ਕੀਤਾ ਪ੍ਰਭਾਵਿਤ, ਬੱਸ ਅੱਡਾ ਬਣਿਆ ਛੱਪੜ








**ਤਲਵੰਡੀ ਸਾਬੋ, 09 ਅਗਸਤ (ਗੁਰਜੰਟ ਸਿੰਘ ਨਥੇਹਾ)**-ਤਲਵੰਡੀ ਸਾਬੋ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਅੱਜ ਪਏ ਭਾਰੀ ਮੀਂਹ ਕਾਰਨ ਜਿੱਥੇ ਆਮ ਜਨ ਜੀਵਨ ਪ੍ਰਭਾਵਿਤ ਹੋਇਆ, ਉੱਥੇ ਸ਼ਹਿਰ ਦੀ ਸਫਾਈ ਅਤੇ ਨਿਕਾਸੀ ਪ੍ਰਬੰਧਾਂ ਦੀ ਵੀ ਪੋਲ ਖੁੱਲ੍ਹ ਗਈ। ਭਾਰੀ ਮੀਂਹ ਤੋਂ ਬਾਅਦ ਸ਼ਹਿਰ ਦੀਆਂ ਕਈ ਗਲੀਆਂ ਅਤੇ ਮੁਹੱਲਿਆਂ ਵਿੱਚ ਪਾਣੀ, ਚਿੱਕੜ ਅਤੇ ਕੂੜਾ-ਕਰਕਟ ਇਕੱਠਾ ਹੋਣ ਕਾਰਨ ਲੋਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਿਆ।ਬੇਸ਼ੱਕ ਸਫਾਈ ਸੇਵਕਾਂ ਦੀ ਹੜਤਾਲ ਸਮਾਪਤ ਹੋ ਚੁੱਕੀ ਹੈ, ਪਰ ਇਸ ਦੇ ਬਾਵਜੂਦ ਸ਼ਹਿਰ ਵਿੱਚ ਸਫਾਈ ਵਿਵਸਥਾ ਅਜੇ ਵੀ ਪਟੜੀ 'ਤੇ ਨਹੀਂ ਆ ਸਕੀ। ਕਈ ਥਾਵਾਂ 'ਤੇ ਗਲੀਆਂ-ਮੁਹੱਲਿਆਂ ਵਿੱਚ ਕੂੜਾ-ਕਰਕਟ ਖਿੱਲਰਿਆ ਪਿਆ ਹੈ ਅਤੇ ਮੀਂਹ ਕਾਰਨ ਇਹ ਕੂੜਾ ਚਿੱਕੜ ਨਾਲ ਮਿਲ ਕੇ ਲੋਕਾਂ ਲਈ ਹੋਰ ਮੁਸ਼ਕਲਾਂ ਪੈਦਾ ਕਰ ਰਿਹਾ ਹੈ। ਸਥਾਨਕ ਲੋਕਾਂ ਨੇ ਪ੍ਰਸ਼ਾਸਨ ਤੋਂ ਸ਼ਹਿਰ ਦੀ ਸਫਾਈ ਅਤੇ ਨਿਕਾਸੀ ਪ੍ਰਬੰਧਾਂ ਵੱਲ ਤੁਰੰਤ ਧਿਆਨ ਦੇਣ ਦੀ ਮੰਗ ਕੀਤੀ ਹੈ। ਤਲਵੰਡੀ ਸਾਬੋ ਦੇ ਬੱਸ ਸਟੈਂਡ ਦੀ ਹਾਲਤ ਵੀ ਅੱਜ ਦੇ ਭਾਰੀ ਮੀਂਹ ਕਾਰਨ ਬਦਤਰ ਹੋ ਗਈ। ਬੱਸ ਅੱਡੇ ਵਿੱਚ ਵੱਡੀ ਮਾਤਰਾ ਵਿੱਚ ਮੀਂਹ ਦਾ ਪਾਣੀ ਇਕੱਠਾ ਹੋਣ ਕਾਰਨ ਇਹ ਇੱਕ ਵਾਰ ਫਿਰ ਛਪੜ ਦਾ ਰੂਪ ਧਾਰਨ ਕਰ ਗਿਆ। ਯਾਤਰੀਆਂ ਨੂੰ ਬੱਸਾਂ ਤੱਕ ਪਹੁੰਚਣ ਅਤੇ ਬੱਸ ਅੱਡੇ ਅੰਦਰ ਆਉਣ-ਜਾਣ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਜ਼ਿਕਰਯੋਗ ਹੈ ਕਿ ਬੱਸ ਅੱਡੇ ਨੂੰ ਉੱਚਾ ਚੁੱਕਣ ਅਤੇ ਇਸ ਦੀ ਸਮੱਸਿਆ ਦਾ ਸਥਾਈ ਹੱਲ ਕਰਨ ਸਬੰਧੀ ਵਿਭਾਗ ਵੱਲੋਂ ਰਕਮ ਜਾਰੀ ਕੀਤੇ ਜਾਣ ਦੀ ਜਾਣਕਾਰੀ ਹੈ, ਪਰ ਅਜੇ ਤੱਕ ਕੰਮ ਸ਼ੁਰੂ ਨਹੀਂ ਹੋ ਸਕਿਆ। ਇਸ ਕਾਰਨ ਹਰ ਵਾਰ ਮੀਂਹ ਪੈਣ 'ਤੇ ਬੱਸ ਅੱਡੇ ਵਿੱਚ ਪਾਣੀ ਖੜ੍ਹਾ ਹੋਣ ਦੀ ਸਮੱਸਿਆ ਮੁੜ ਸਾਹਮਣੇ ਆ ਜਾਂਦੀ ਹੈ। ਲੋਕਾਂ ਦਾ ਕਹਿਣਾ ਹੈ ਕਿ ਜਦੋਂ ਤੱਕ ਬੱਸ ਅੱਡੇ ਨੂੰ ਉੱਚਾ ਚੁੱਕਣ ਦਾ ਕੰਮ ਸ਼ੁਰੂ ਨਹੀਂ ਹੁੰਦਾ, ਉਦੋਂ ਤੱਕ ਬਰਸਾਤ ਦੌਰਾਨ ਇਹ ਸਮੱਸਿਆ ਬਣੀ ਰਹਿਣ ਦੀ ਸੰਭਾਵਨਾ ਹੈ। ਭਾਰੀ ਮੀਂਹ ਕਾਰਨ ਤਲਵੰਡੀ ਸਾਬੋ ਦੇ ਪੁਲਿਸ ਥਾਣੇ ਅਤੇ ਕਚਹਿਰੀਆਂ ਦੇ ਆਸ-ਪਾਸ ਵੀ ਪਾਣੀ ਭਰ ਗਿਆ, ਜਿਸ ਕਾਰਨ ਇੱਥੇ ਆਉਣ ਵਾਲੇ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਲੋਕਾਂ ਨੇ ਪ੍ਰਸ਼ਾਸਨ ਤੋਂ ਮੀਂਹ ਦੇ ਪਾਣੀ ਦੀ ਨਿਕਾਸੀ ਲਈ ਢੁਕਵੇਂ ਅਤੇ ਸਥਾਈ ਪ੍ਰਬੰਧ ਕਰਨ ਦੀ ਮੰਗ ਕੀਤੀ ਹੈ। ਲੋਕਾਂ ਦਾ ਕਹਿਣਾ ਹੈ ਕਿ ਤਲਵੰਡੀ ਸਾਬੋ ਵਰਗੇ ਇਤਿਹਾਸਕ ਸ਼ਹਿਰ ਵਿੱਚ ਹਰ ਸਾਲ ਬਰਸਾਤ ਦੇ ਮੌਸਮ ਦੌਰਾਨ ਪਾਣੀ ਭਰਨ ਦੀ ਸਮੱਸਿਆ ਸਾਹਮਣੇ ਆਉਂਦੀ ਹੈ। ਇਸ ਲਈ ਇਸ ਸਮੱਸਿਆ ਦਾ ਆਰਜ਼ੀ ਹੱਲ ਕਰਨ ਦੀ ਬਜਾਏ ਪੱਕਾ ਹੱਲ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਬਰਸਾਤ ਦੌਰਾਨ ਸ਼ਹਿਰ ਵਾਸੀਆਂ ਅਤੇ ਰਾਹਗੀਰਾਂ ਨੂੰ ਮੁਸ਼ਕਲਾਂ ਤੋਂ ਰਾਹਤ ਮਿਲ ਸਕੇ। ਬੱਸ ਅੱਡੇ ਦੇ ਸਬੰਧ ਜਦੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਤਲਵੰਡੀ ਸਾਬੋ ਇੰਚਾਰਜ ਰਵੀਪ੍ਰੀਤ ਸਿੰਘ ਸਿੱਧੂ ਨਾਲ ਗਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਆਪ ਦੀ ਸਰਕਾਰ ਵਾਅਦੇ ਤਾਂ ਵੱਡੇ ਕਰ ਰਹੀ ਹੈ ਪਰ ਤਲਵੰਡੀ ਸਾਬੋ ਦਾ ਵਿਕਾਸ ਸਭ ਦੇ ਸਾਹਮਣੇ ਹੈ। ਦੂਜੇ ਪਾਸੇ ਕਾਂਗਰਸ ਦੇ ਬਲਾਕ ਪ੍ਰਧਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਦਾ ਕਹਿਣਾ ਹੈ ਕਿ ਜਦੋਂ ਅਸੀਂ ਬੱਸ ਸਟੈਂਡ ਤੇ ਧਰਨਾ ਲਾਇਆ ਤਾਂ ਵਿਭਾਗ ਨੇ ਕਿਹਾ ਸੀ ਕਿ ਬੱਸ ਅੱਡੇ ਦਾ ਟੈਂਡਰ ਹੋ ਗਿਆ ਹੈ ਪ੍ਰੰਤੂ 13 ਅਗਸਤ ਨੂੰ ਕੰਮ ਸ਼ੁਰੂ ਕਰਨਾ ਹੈ, ਹੁਣ ਉਸ ਤਰੀਕ ਦੀ ਉਡੀਕ ਹੈ ਜੇਕਰ 13 ਤੋਂ ਕੰਮ ਕੰਮ ਨਹੀਂ ਸ਼ੁਰੂ ਹੁੰਦਾ ਤਾਂ ਮੋਰਚਾ ਵਿੱਢਿਆ ਜਾ ਸਕਦਾ ਹੈ।

## ਗੁਰਦੁਆਰਾ ਬਾਉਲੀ ਸਾਹਿਬ ਡੇਰਾ ਬਾਬਾ ਜੋਧਾ ਦਾਸ ਜੀ ਵਿਖੇ ਸਲਾਨਾ ਬਰਸੀ ਸਮਾਗਮ 10 ਤੋਂ 12 ਅਗਸਤ ਤੱਕ ਸ਼ਰਧਾ ਨਾਲ ਮਨਾਇਆ ਜਾਵੇਗਾ—ਬਾਬਾ ਵਿਰਸਾ ਸਿੰਘ



ਫ਼ਿਰੋਜ਼ਪੁਰ, 09 ਅਗਸਤ (ਮਨੋਹਰ ਲਾਲ) :— ਧੰਨ—ਧੰਨ ਬਾਬਾ ਜੋਧਾ ਦਾਸ ਜੀ ਮਹੋਸਾ ਕਾਲੀ ਕੰਬਲੀ ਵਾਲਿਆਂ ਦੀ ਨਿੱਘੀ ਅਤੇ ਪਵਿੱਤਰ ਯਾਦ ਵਿੱਚ ਸਲਾਨਾ ਬਰਸੀ (ਜੋੜ ਮੇਲਾ) ਪਿੰਡ ਸ਼ੇਰ ਸਿੰਘ ਵਾਲਾ (ਨੇੜੇ ਮਹਿਮੂਆਣਾ ਅਤੇ ਬੀਹਲੇ ਵਾਲਾ ਜ਼ਿਲ੍ਹਾ ਫ਼ਰੀਦਕੋਟ) ਸਥਿਤ ਗੁਰਦੁਆਰਾ ਬਾਉਲੀ ਸਾਹਿਬ ਡੇਰਾ ਬਾਬਾ ਜੋਧਾ ਦਾਸ ਜੀ ਮਹੋਸਾ ਵਿਖੇ 10, 11 ਅਤੇ 12 ਅਗਸਤ 2026 ਨੂੰ ਬਹੁਤ ਹੀ ਸ਼ਰਧਾ, ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਇਸ ਤਿੰਨ ਰੋਜ਼ਾ ਧਾਰਮਿਕ ਸਮਾਗਮ ਦੌਰਾਨ ਵੱਡੇ ਪੱਧਰ ਤੇ ਧਾਰਮਿਕ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਪੰਥ ਪ੍ਰਸਿੱਧ ਰਾਗੀ, ਢਾਡੀ, ਕਥਾਵਾਚਕ ਅਤੇ ਗਿਆਨੀ ਸੰਗਤਾਂ ਨੂੰ ਗੁਰਬਾਣੀ ਅਤੇ ਗੁਰ ਇਤਿਹਾਸ ਨਾਲ ਜੋੜਨਗੇ। ਪ੍ਰਬੰਧਕਾਂ ਨੇ ਦੱਸਿਆ ਕਿ ਮਿਤੀ 10, 11 ਅਤੇ 12 ਅਗਸਤ ਨੂੰ ਤੜਕੇ ਭਾਈ ਗੁਰਸੇਵਕ ਸਿੰਘ ਵੱਲੋਂ ਸ਼ਰਧਾਲੂ ਸੰਗਤਾਂ ਨੂੰ ਆਸਾ ਦੀ ਵਾਰ ਦਾ ਮਨੋਹਰ ਅਤੇ ਰਸਭਿੰਨਾ ਕੀਰਤਨ ਸ਼ਰਵਣ ਕਰਵਾਇਆ ਜਾਵੇਗਾ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਬਾਬਾ ਵਿਰਸਾ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸਾਹਿਬ ਨੇ ਦੱਸਿਆ ਕਿ 10 ਅਗਸਤ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 12 ਵਜੇ ਤੱਕ ਭਾਈ ਸੁਖਜੀਤ ਸਿੰਘ ਵੱਲੋਂ ਗੁਰਬਾਣੀ, ਕਥਾ—ਕੀਰਤਨ ਰਾਹੀਂ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਿਆ ਜਾਵੇਗਾ, 11 ਅਗਸਤ ਨੂੰ ਸਵੇਰੇ 9 ਵਜੇ ਤੋਂ 11 ਵਜੇ ਤੱਕ ਭਾਈ ਇਕਬਾਲ ਸਿੰਘ ਲੰਬੇਆਣਾ ਵਾਲੇ ਵਿਸ਼ੇਸ਼ ਤੌਰ ਤੇ ਹਾਜ਼ਰੀ ਕਰਨਗੇ ਅਤੇ ਸੰਗਤਾਂ ਨੂੰ ਕਥਾ—ਕੀਰਤਨ ਸਰਵਨ ਕਰਵਾਉਣਗੇ। ਉਨ੍ਹਾਂ ਦੱਸਿਆ ਕਿ 12 ਅਗਸਤ ਵਾਲੇ ਸਮਾਗਮਾਂ ਵਿਚ ਸਵੇਰੇ 10 ਵਜੇ ਤੋਂ ਦੁਪਹਿਰ ਇਕ ਵਜੇ ਤੱਕ ਗਿਆਨੀ ਗੁਰਕੀਰਤ ਸਿੰਘ (ਡਬਲ ਐਮਦੇ) ਵੱਲੋਂ ਸੰਗਤਾਂ ਨੂੰ ਗੁਰੂ ਸਾਹਿਬਾਨਾਂ ਦੇ ਮਹਾਨ ਇਤਿਹਾਸ ਅਤੇ ਸਿੱਖੀ ਵਿਰਸੇ ਤੋਂ ਜਾਣੂ ਕਰਵਾਇਆ ਜਾਵੇਗਾ। ਗੱਲਬਾਤ ਕਰਦਿਆਂ ਬਾਬਾ ਵਿਰਸਾ ਸਿੰਘ ਦੱਸਿਆ ਕਿ ਵਿਸ਼ੇਸ਼ ਧਾਰਮਿਕ ਸਮਾਗਮਾਂ ਦੌਰਾਨ ਦੁਪਹਿਰ 3 ਵਜੇ ਤੋਂ 4 ਵਜੇ ਤੱਕ ਅਕਾਲ ਪੁਰਖ ਕੀ ਫ਼ੌਜ (ਰਕਬਾ ਵਾਲਾ) ਤੋਂ ਜਥੇਦਾਰ ਹਰਿੰਦਰ ਸਿੰਘ ਅਤੇ ਉਨ੍ਹਾਂ ਦੇ ਸਾਥੀ ਸਿੰਘਾਂ ਵੱਲੋਂ ਵਿਸ਼ੇਸ਼ ਧਾਰਮਿਕ ਦੀਵਾਨ ਅਤੇ ਪ੍ਰੋਗਰਾਮ ਪੇਸ਼ ਕੀਤੇ ਜਾਣਗੇ। ਬਾਬਾ ਵਿਰਸਾ ਸਿੰਘ ਜੀ ਨੇ ਸਮੂਹ ਇਲਾਕੇ ਭਰ ਦੀਆਂ ਸੰਗਤਾਂ ਨੂੰ ਦੇਸ਼—ਵਿਦੇਸ਼ ਦੀਆਂ ਸਮੂਹ ਸਾਧ ਸੰਗਤਾਂ ਨੂੰ ਨਿਮਰਤਾ ਸਹਿਤ ਬੇਨਤੀ ਕੀਤੀ ਕਿ ਉਹ ਇਨ੍ਹਾਂ ਧਾਰਮਿਕ ਦੀਵਾਨਾਂ ਵਿੱਚ ਪਰਿਵਾਰਾਂ ਸਮੇਤ ਹਾਜ਼ਰੀਆਂ ਭਰ ਕੇ ਗੁਰੂ ਘਰ ਦੀਆਂ ਬਖਸ਼ਿਸ਼ਾਂ ਅਤੇ ਖੁਸ਼ੀਆਂ ਪ੍ਰਾਪਤ ਕਰਨ। ਸਮਾਗਮ ਦੌਰਾਨ ਸੰਗਤਾਂ ਲਈ ਤਨ, ਮਨ ਅਤੇ ਧਨ ਨਾਲ ਸੇਵਾ ਕਰਨ ਦਾ ਸੁਭਾਗ ਅਵਸਰ ਹੋਵੇਗਾ। ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਬਾਬਾ ਵਿਰਸਾ ਸਿੰਘ ਨੇ ਦੱਸਿਆ ਕਿ ਤਿੰਨੇ ਦਿਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ ਅਤੇ ਸੰਗਤਾਂ ਲਈ ਵਿਸ਼ੇਸ਼ ਰਿਹਾਇਸ਼ ਅਤੇ ਪਾਰਕਿੰਗ ਦੀ ਸਹੂਲਤ ਦੇ ਵੀ ਪ੍ਰਬੰਧ ਕੀਤੇ ਗਏ ਹਨ। ਇਸ ਮੌਕੇ ਤੇ ਗੁਰਦੁਆਰਾ ਸਾਹਿਬ ਦੇ ਕਮੇਟੀ ਪ੍ਰਧਾਨ ਗੁਰ ਸਵਿੰਦਰ ਸਿੰਘ ਮਚਾਕੀ, ਲਖਬੀਰ ਸਿੰਘ ਖਜਾਨਚੀ, ਬਾਬਾ ਵਿਰਸਾ ਸਿੰਘ ਸੇਵਾਦਾਰ ਹਰਜਿੰਦਰ ਸਿੰਘ, ਬਲਜੀਤ ਸਿੰਘ, ਦਿਲਬਾਗ ਸਿੰਘ, ਗਗਨਦੀਪ ਸਿੰਘ, ਰਾਜਵਿੰਦਰ ਸਿੰਘ, ਗੁਰਵਿੰਦਰ ਸਿੰਘ, ਕੰਵਲਜੀਤ ਸਿੰਘ, ਡਾਕਟਰ ਕੰਵਲਪ੍ਰੀਤ ਸਿੰਘ, ਰਾਜਵਿੰਦਰ ਸਿੰਘ ਤੋਸੀ ਹਾਜ਼ਰ ਸਨ।

## ਸੀਨੀਅਰ ਪੱਤਰਕਾਰ ਮਨੋਹਰ ਲਾਲ ਸਿੰਘ ਦਮਦਮੀ ਟਕਸਾਲ ਸੇਵਕ ਜਥੇ ਦੇ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਪ੍ਰੈਸ ਸਕੱਤਰ ਨਿਯੁਕਤ



ਫ਼ਿਰੋਜ਼ਪੁਰ, 09 ਅਗਸਤ (ਮਨੋਹਰ ਲਾਲ) :— ਦਮਦਮੀ ਟਕਸਾਲ ਸੇਵਕ ਜਥੇ ਵੱਲੋਂ ਸੀਨੀਅਰ ਪੱਤਰਕਾਰ ਮਨੋਹਰ ਲਾਲ ਸਿੰਘ ਦੀਆਂ ਸਮਾਜ ਅਤੇ ਕੌਮ ਪ੍ਰਤੀ ਸ਼ਲਾਘਾਯੋਗ ਤੇ ਚੰਗੀਆਂ ਸੇਵਾਵਾਂ ਨੂੰ ਦੇਖਦੇ ਹੋਏ, ਉਨ੍ਹਾਂ ਨੂੰ ਜ਼ਿਲ੍ਹਾ ਫ਼ਿਰੋਜ਼ਪੁਰ ਦਾ ਪ੍ਰੈਸ ਸਕੱਤਰ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਦੇ ਸਬੰਧ ਵਿੱਚ ਆਯੋਜਿਤ ਇੱਕ ਵਿਸ਼ੇਸ਼ ਸਮਾਗਮ ਦੌਰਾਨ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖ਼ਾਲਸਾ ਵੱਲੋਂ ਮਨੋਹਰ ਲਾਲ ਸਿੰਘ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਆਪਣੀ ਨਿਯੁਕਤੀ ਲਈ ਧੰਨਵਾਦ ਪ੍ਰਗਟਾਉਂਦਿਆਂ ਸ਼੍ਰੀ ਮਨੋਹਰ ਲਾਲ ਸਿੰਘ ਨੇ ਦਮਦਮੀ ਟਕਸਾਲ ਦੇ ਮੁਖੀ ਤੇ ਪ੍ਰਧਾਨ ਸੰਤ ਸਮਾਜ ਮਹਾਪੁਰਖ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲੇ, ਜਥੇਦਾਰ ਗਿਆਨੀ ਸੁਖਦੇਵ ਸਿੰਘ ਖ਼ਾਲਸਾ ਅਤੇ ਸਮੂਹ ਜਥੇਬੰਦੀ ਦੀ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਜਥੇਬੰਦੀ ਨੇ ਇੱਕ ਨਿਮਾਣੇ ਸੇਵਕ ਤੇ ਵਿਸ਼ਵਾਸ ਜਤਾ ਕੇ ਜੋ ਮਾਣ ਸਤਿਕਾਰ ਬਖ਼ਸ਼ਿਆ ਹੈ, ਉਹ ਇਸ ਲਈ ਹਮੇਸ਼ਾ ਰਿਣੀ ਰਹਿਣਗੇ। ਨਵ ਨਿਯੁਕਤ ਪ੍ਰੈਸ ਸਕੱਤਰ ਮਨੋਹਰ ਲਾਲ ਸਿੰਘ ਨੇ ਜਥੇਬੰਦੀ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਨੂੰ ਜੋ ਵੀ ਸੇਵਾ ਤੇ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਉਸ ਨੂੰ ਪੂਰੀ ਇਮਾਨਦਾਰੀ, ਲਗਨ ਅਤੇ ਮਿਹਨਤ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਦਮਦਮੀ ਟਕਸਾਲ ਨੂੰ ਹੋਰ ਵਿਸ਼ਾਲ ਅਤੇ ਮਜ਼ਬੂਤ ਕਰਨ ਲਈ ਉਹ ਰਾਤ ਦਿਨ ਇੱਕ ਕਰਕੇ ਸੇਵਾ ਕਰਦੇ ਰਹਿਣਗੇ।





# ਜਨਮ ਦਿਨ ਮੁਬਾਰਕ

**ਅਰਜਨ ਢਿੱਲੋਂ**

ਪਿਤਾ -ਰਾਜਵਿੰਦਰ ਸਿੰਘ ਢਿੱਲੋਂ

ਮਾਤਾ -ਰਾਜਵੀਰ ਕੌਰ ਢਿੱਲੋਂ

ਸਕਾਈ ਵਿਊ ਕੈਲਗਰੀ ਕੈਨੇਡਾ


ਦੇਸ਼ ਪੰਜਾਬ ਦੇ ਵਿਚੋਂ
ਜੰਗਲ ਰਾਜ
ਦੇ ਖ਼ਾਤਮੇ ਲਈ
ਨੌਜਵਾਨਾਂ ਨੂੰ ਨਸ਼ਿਆਂ ਤੋਂ ਰਹਿਤ
ਨਸ਼ਾ ਮੁਕਤ ਪੰਜਾਬ ਤੋਂ
ਸਿੱਖੀ ਤੇ ਹੋ ਰਹੇ ਹਮਲਿਆਂ ਨੂੰ
ਠੱਲ ਪਾਉਣ ਲਈ
ਆਓ
ਪੰਜਾਬ ਦੀ ਵਾਂਗਡੋਰ
ਪੰਜਾਬ ਦੇ ਵਾਰਿਸਾਂ,
ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ
ਅਤੇ
ਵਾਰਸ ਪੰਜਾਬ ਸ਼੍ਰੋਮਣੀ ਅਕਾਲੀ ਦਲ
ਦਾ ਸਾਥ ਦਈਏ।
ਫਰਾਂਸ ਵਿਚ ਵੱਸ਼ਦੇ ਸੁਹਿਰਦ ਪੰਥ ਦਰਦੀਆਂ ਬੁੱਧੀ ਜੀਵੀਆਂ ਅਤੇ
ਪੰਥਕ ਸੋਚ ਰੱਖਣ ਵਾਲੇ ਨੌਜਵਾਨਾਂ ਨੂੰ ਅਪੀਲ ਹੈ ਕਿ
ਆਉ ਵਾਰਸ ਪੰਜਾਬ ਅਕਾਲੀ ਦਲ (ਫਰਾਂਸ) ਦੇ ਮੈਂਬਰ ਬਣੀਏ
ਅਤੇ ਭਾਈ ਅੰਮ੍ਰਿਤਪਾਲ ਸਿੰਘ ਤੇ ਵੱਖ ਵੱਖ ਜੇਲਾਂ ਵਿੱਚ
ਬੰਦੀ ਸਿੰਘਾਂ ਦੀ ਰਿਹਾਈ ਲਈ ਹੰਭਲਾ ਮਾਰੀਏ।
ਵਾਰਸ ਪੰਜਾਬ ਅਕਾਲੀ ਦਲ (ਫਰਾਂਸ)
ਬੇਨਤੀ ਕਰਤਾ:
ਭਾਈ ਬਸੰਤ ਸਿੰਘ ਪੰਜਹੱਬਾ
ਮੁੱਖ ਸੇਵਾਦਾਰ
ਵਾਰਿਸ ਪੰਜਾਬ ਅਕਾਲੀਦਲ, ਫਰਾਂਸ (ਯੂਨਿਟ)
+33 6 60 32 49 97 ਨਾਲ ਸੰਪਰਕ ਕਰੋ।
ਆਵਾਜ਼ਿ ਕੌਮ
AWAZE QAUM
International Newspaper & WEB TV

## ਸੰਨ 1947 ਦੇਸ਼ ਅਜ਼ਾਦ ਹੋਣ ਤੋਂ ਬਾਅਦ ਸੇਵਾ ਮੁਕਤ ਮੁਲਾਜ਼ਮਾਂ ਦੀ

# ਪਹਿਲੀ ਵੱਡੀ ਮਹਾਂ ਰੈਲੀ ਹੋ ਨਿੱਬੜੀ-ਨਿਰਮਲਜੀਤ ਸਿੰਘ ਬਾਜਵਾ ਪ੍ਰਧਾਨ



**ਜੰਡਿਆਲਾ ਗੁਰੂ, 9 ਅਗਸਤ (ਕੁਲਵੰਤ ਸਿੰਘ ਵਿਰਦੀ)**-ਬੀਤੇ ਦਿਨ ਨਿਰਮਲਜੀਤ ਸਿੰਘ ਬਾਜਵਾ ਪ੍ਰਧਾਨ ਸੇਵਾ ਮੁਕਤ ਪਟਵਾਰੀ, ਕਾਨੂੰਗੋ, ਨਾਇਬ ਤਹਿਸੀਲਦਾਰ ਵੈੱਲਫੇਅਰ ਐਸੋਸੀਏਸ਼ਨ ਪੰਜਾਬ ਜੁਝਾਰੂ ਸੇਵਾ ਮੁਕਤ ਪਟਵਾਰੀ, ਕਾਨੂੰਗੋ ਨਾਇਬ ਤਹਿਸੀਲਦਾਰ ,ਅਤੇ ਸਾਥੀਆ ਨਾਲ ਪੁੱਜੇ ਕੁਲਵੰਤ ਸਿੰਘ ਡੇਹਰੀਵਾਲ, ਲਖਵਿੰਦਰ ਸਿੰਘ ਕੋਹਾਲੀ, ਮੇਜਰ ਸਿੰਘ ਭੋਮਾ , ਹਰਮਿੰਦਰ ਸਿੰਘ ,ਤਰਸੇਮ ਸਿੰਘ ਫੱਤੂਭੀਲਾ , ਸੁਖਵਿੰਦਰ ਸਿੰਘ ਸਾਬੀ , ਪਲਵਿੰਦਰ ਸਿੰਘ , ਹਰਦੇਵ ਸਿੰਘ ਭੋਮਾ, ਰਵਿੰਦਰ ਕੁਮਾਰ ਰਵੀ , ਜਗਜੀਤ ਸਿੰਘ ਬਾਬਾ , ਜੋਗਿੰਦਰ ਸਿੰਘ , ਚਰਨਜੀਤ ਸਿੰਘ , ਜੋਗਿੰਦਰਪਾਲ ਪਾਂਡੇ , ਵਿੱਪਨ ਕੁਮਾਰ , ਸਵਿੰਦਰਜੀਤ ਸਿੰਘ ਦੌਸਾਝ .ਗੁਰਜੀਤ ਸਿੰਘ , ਸੁਸ਼ੀਲ ਹਾਂਡਾ, ਰੇਸ਼ਮ ਸਿੰਘ, ਕੁਲਦੀਪ ਸਿੰਘ , ਸੁੱਖਦੇਵ ਸਿੰਘ ਮਜੀਠਾ , ਆਤਮਾ ਸਿੰਘ, ਮਹਿੰਦਰ ਸਿੰਘ ਪੱਟੀ , ਕੁਲਦੀਪ ਸਿੰਘ ਆਦਿ ਨੇ ਮਹਾਂਰੈਲੀ,ਚ,ਸ਼ਿਰਕਤ ਕੀਤੀ,

ਸਾਰੇ ਪੰਜਾਬ ਦੇ ਬਹਾਦਰ ਸਾਥੀਆਂ ਦਾ ਦਿਲ ਦੀਆ ਗਹਿਰਾਈਆਂ ਤੋਂ ਧੰਨਵਾਦ ਕਰਦਿਆਂ ਹੋਇਆਂ ਕਿਹਾ ਕਿ ਜਿਨ੍ਹਾਂ ਨੇ ਕੱਲ੍ਹ ਮਿੱਤੀ 7 / 8 / 26 ਨੂੰ ਸਾਂਝਾਂ ਮੁਲਾਜ਼ਮ ਮੰਚ ਪੰਜਾਬ ਵਾ ਮੁਲਾਜ਼ਮ ਅਤੇ ਪੈਨਸ਼ਨਰ ਫਰੰਟ ਪੰਜਾਬ ਦੇ ਝੰਡੇ ਹੇਠ ਬੜੇ ਉਤਸ਼ਾਹ ਨਾਲ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ । ਮੈਂ ਉਨ੍ਹਾਂ ਸਾਥੀਆਂ ਦਾ ਵੀ ਧੰਨਵਾਦ ਕਰਦਾ ਹਾਂ ਜਿਹੜੇ ਸਾਡੇ ਸੇਵਾ ਮੁਕਤ ਸਾਥੀ ਦੂਰ-ਦੁਰਾਡੇ ਸੱਤ ਸਮੁੰਦਰੋ ਪਾਰ ਬੈਠੇ ਹਨ ,ਉਹ ਸਰੀਰਕ ਤੌਰ ਤੇ ਭਾਵੇਂ ਨਹੀਂ ਪਹੁੰਚ ਸਕੇ ,ਉੱਨਾਂ ਨੇਂ ਹਲਾਸ਼ੇਰੀ ਦੇਣ ਦੇ ਨਾਲ-ਨਾਲ ਜੱਥੇਬੰਦੀ ਨੂੰ ਫੰਡ ਵੀ ਭੇਜਿਆ । ਸਾਥੀ ਜੀ ਸੰਨ 1947 ਦੇਸ਼ ਅਜ਼ਾਦ ਹੋਣ ਤੋਂ ਬਾਅਦ ਇਹ ਮੁਲਾਜ਼ਮਾਂ ਦੀ ਪਹਿਲੀ ਏਡੀ ਵੱਡੀ ਮਹਾਂ ਰੈਲੀ ਹੋ ਨਿੱਬੜੀ ਹੈ ਜਿਸ ਵਿੱਚ ਪਾਣੀ ਦੀਆਂ ਤੋਪਾਂ , ਅੱਥਰੂ ਗੈਸਾਂ ਅਤੇ ਲਾਠੀ ਚਾਰਜ ਦੀ ਬਿਨਾਂ ਪਰਵਾਹ ਕਰਦਿਆਂ ਲੱਖਾਂ ਮੁਲਾਜ਼ਮਾਂ ਨੇ ਹਾਜ਼ਰ ਹੋ ਕੇ ਆਪਣਾ ਰੋਸ ਪ੍ਰਗਟ ਕੀਤਾ । ਓਹਨਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਏਕੇ ਦਾ ਸਾਥ ਦਿੰਦਿਆਂ, ਨਿੱਜੀ ਮੱਤ-ਭੇਦ ਭੁਲਾਉਂਦਿਆਂ ਤੱਗੜੇ ਹੋ ਕੇ ਲਾਮਬੰਦ ਹੋਵੋ ਤੇ ਜੋ ਵੀ ਜੱਥੇਬੰਦਕ ਆਗੂਆਂ ਦਾ ਹੁਕਮ ਆਵੇ ਉਹਨੂੰ ਇੰਨ-ਬਿੰਨ ਲਾਗੂ ਕਰੀਏ । ਅਖੀਰ ਵਿੱਚ ਫਿਰ ਸਭ ਦਾ ਧੰਨਵਾਦ ਕੀਤਾ।

## ਪਿੰਡਾਂ ਵਿੱਚ ਠੋਸ ਕੂੜੇ ਦੇ ਸੁਚੱਜੇ ਪ੍ਰਬੰਧਨ ਲਈ

# ਗਤੀਵਿਧੀਆਂ ਵਿੱਚ ਹੋਰ ਤੇਜ਼ੀ ਲਿਆਉਣ ਦੇ ਨਿਰਦੇਸ਼



**ਜੰਡਿਆਲਾ ਗੁਰੂ 9 ਅਗਸਤ ( ਕੁਲਵੰਤ ਸਿੰਘ ਵਿਰਦੀ)**-ਪਿੰਡਾਂ ਵਿੱਚ ਠੋਸ ਕੂੜੇ ਦੇ ਸੁਚੱਜੇ ਪ੍ਰਬੰਧਨ ਨੂੰ ਯਕੀਨੀ ਬਣਾਉਣ ਲਈ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ), ਅੰਮ੍ਰਿਤਸਰ ਸ੍ਰੀ ਸੁਰਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਵੱਖ-ਵੱਖ ਪਿੰਡਾਂ ਦੇ ਸਰਪੰਚਾਂ, ਪੰਚਾਂ, ਪੰਚਾਇਤ ਸਕੱਤਰਾਂ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ ।ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਪੰਜਾਬ ਰਾਜ ਪੇਂਡੂ ਆਜੀਵਿਕਾ ਮਿਸ਼ਨ ਦੇ ਫੀਲਡ ਸਟਾਫ਼ ਅਤੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪਿੰਡਾਂ ਵਿੱਚ ਠੋਸ ਕੂੜੇ ਨੂੰ ਘਰ-ਘਰ ਤੋਂ ਇਕੱਠਾ ਕਰਨ, ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖ-ਵੱਖ ਰੱਖਣ ਅਤੇ ਇਸ ਦੇ ਸੁਚੱਜੇ ਪ੍ਰਬੰਧਨ ਸਬੰਧੀ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਘਰਾਂ ਤੋਂ ਕੂੜਾ ਇਕੱਠਾ ਕਰਕੇ ਇਸ ਦਾ ਵਿਗਿਆਨਕ ਢੰਗ ਨਾਲ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ ।ਮੀਟਿੰਗ ਵਿੱਚ ਪਿੰਡ ਬੁਤਾਲਾ ਦੇ ਸਰਪੰਚ ਸ੍ਰੀ ਸੁਖਵਿੰਦਰ ਸਿੰਘ ਵੱਲੋਂ ਦੱਸਿਆ ਗਿਆ ਕਿ ਉਨ੍ਹਾਂ ਦੇ ਪਿੰਡ ਵਿੱਚ ਸਾਲਿਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਰਾਹੀਂ ਠੋਸ ਕੂੜੇ ਦਾ ਪ੍ਰਬੰਧਨ ਕੀਤਾ ਜਾ ਰਿਹਾ ਹੈ। ਘਰ-ਘਰ ਤੋਂ ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖ-ਵੱਖ ਇਕੱਠਾ ਕੀਤਾ ਜਾਂਦਾ ਹੈ ਅਤੇ ਕੂੜਾ ਇਕੱਠਾ ਕਰਨ ਵਾਲੀਆਂ ਰੇਹੜੀਆਂ ਰਾਹੀਂ ਇਸ ਨੂੰ ਸਾਲਿਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਤੱਕ ਪਹੁੰਚਾਇਆ ਜਾਂਦਾ ਹੈ। ਇੱਥੇ ਗਿੱਲੇ ਕੂੜੇ ਤੋਂ ਜੈਵਿਕ ਖਾਦ ਤਿਆਰ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਘਰ-ਘਰ ਤੋਂ ਕੂੜਾ ਇਕੱਠਾ ਕਰਨ ਲਈ ਪ੍ਰਤੀ ਘਰ 100 ਰੁਪਏ ਲਏ ਜਾ ਰਹੇ ਹਨ ।ਇਸੇ ਤਰ੍ਹਾਂ ਪਿੰਡ ਧਰਦਿਓ ਦੇ ਸਰਪੰਚ ਸ੍ਰੀਮਤੀ ਕਵਲਜੀਤ ਕੌਰ ਅਤੇ ਪਿੰਡ ਹੇਰ ਦੇ ਸਰਪੰਚ ਸ੍ਰੀ ਮਨਿੰਦਰ ਸਿੰਘ ਵੱਲੋਂ ਵੀ ਦੱਸਿਆ ਗਿਆ ਕਿ ਉਨ੍ਹਾਂ ਦੇ ਪਿੰਡਾਂ ਵਿੱਚ ਠੋਸ ਕੂੜੇ ਦੇ ਪ੍ਰਬੰਧਨ ਲਈ ਕੰਮ ਕੀਤਾ ਜਾ ਰਿਹਾ ਹੈ ਅਤੇ ਜਲਦ ਹੀ ਪਿੰਡਾਂ ਵਿੱਚ ਠੋਸ ਕੂੜੇ ਦਾ ਢੁੱਕਵਾਂ ਪ੍ਰਬੰਧ ਯਕੀਨੀ ਬਣਾਇਆ ਜਾਵੇਗਾ ।ਪਿੰਡ ਨੌਸ਼ਹਿਰਾ ਦੀ ਸਰਪੰਚ ਸ੍ਰੀਮਤੀ ਸਿਮਰਜੀਤ ਕੌਰ ਨੇ ਦੱਸਿਆ ਕਿ ਉਨ੍ਹਾਂ ਦੇ ਪਿੰਡ ਵਿੱਚ ਵੀ ਸਾਲਿਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਬਣਾਇਆ ਗਿਆ ਹੈ। ਉਨ੍ਹਾਂ ਅਨੁਸਾਰ ਪਿੰਡ ਦੀ ਵਾਟਰ ਸਪਲਾਈ ਸਕੀਮ ਪਿਛਲੇ 10-15 ਸਾਲਾਂ ਤੋਂ ਗ੍ਰਾਮ ਪੰਚਾਇਤ ਵੱਲੋਂ ਚਲਾਈ ਜਾ ਰਹੀ ਹੈ ਅਤੇ ਠੋਸ ਕੂੜੇ ਦੇ ਪ੍ਰਬੰਧਨ ਲਈ ਵੀ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ ।ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ), ਅੰਮ੍ਰਿਤਸਰ ਨੇ ਰਾਊਂਡ ਗਲਾਸ ਫਾਊਂਡੇਸ਼ਨ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਵੱਧ ਤੋਂ ਵੱਧ ਪਿੰਡਾਂ ਵਿੱਚ ਸਾਲਿਡ ਵੇਸਟ ਮੈਨੇਜਮੈਂਟ ਦੀਆਂ ਗਤੀਵਿਧੀਆਂ ਨੂੰ ਤੇਜ਼ ਕੀਤਾ ਜਾਵੇ ਅਤੇ ਪਿੰਡਾਂ ਨੂੰ ਸਾਫ਼-ਸੁਥਰਾ ਰੱਖਣ ਲਈ ਲੋਕਾਂ ਦੀ ਭਾਗੀਦਾਰੀ ਯਕੀਨੀ ਬਣਾਈ ਜਾਵੇ ।ਮੀਟਿੰਗ ਵਿੱਚ ਸ੍ਰੀ ਪ੍ਰੀਤ ਮਹਿੰਦਰ ਸਿੰਘ ਸਹੋਤਾ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ, ਸ੍ਰੀ ਅਮਨਦੀਪ ਸ਼ਰਮਾ, ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਅਟਾਰੀ, ਸ੍ਰੀ ਬਿਕਰਮਜੀਤ ਸਿੰਘ, ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਵੇਰਕਾ, ਸ੍ਰੀਮਤੀ ਕਿਰਨਦੀਪ ਕੌਰ, ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਹਰਸ਼ਾ ਛੀਨਾ, ਸ੍ਰੀ ਅਮਨਦੀਪ ਸਿੰਘ, ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਮਜੀਠਾ, ਸ੍ਰੀ ਸੁਲੱਖਣ ਸਿੰਘ, ਉਪ ਮੰਡਲ ਇੰਜੀਨੀਅਰ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ, ਪੰਜਾਬ ਰਾਜ ਪੇਂਡੂ ਆਜੀਵਿਕਾ ਮਿਸ਼ਨ ਦੇ ਫੀਲਡ ਸਟਾਫ਼ ਅਤੇ ਵੱਖ-ਵੱਖ ਪਿੰਡਾਂ ਦੇ ਸਰਪੰਚ ਹਾਜ਼ਰ ਸਨ।

**ਸਰਪੰਚਾਂ, ਪੰਚਾਂ, ਪੰਚਾਇਤ ਸਕੱਤਰਾਂ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ**

# ਐਸ.ਐਚ.ਓ ਸੁਖਚੈਨ ਮਹਿਤਾ ਨੂੰ ਕੀਤਾ ਸਨਮਾਨਿਤ



**ਫ਼ਿਰੋਜ਼ਪੁਰ, 09 ਅਗਸਤ (ਮਨੋਹਰ ਲਾਲ) :—** ਗੁਰਦੁਆਰਾ ਮਾਈ ਰਾਮ ਦੇਵੀ ਢੀਂਗਰਾ ਹੋਟਲ ਦੇ ਸਾਹਮਣੇ ਅੰਦਰੂਨ ਦਿੱਲੀ ਗੇਟ ਵਿਖੇ 7 ਅਗਸਤ ਦਿਨ ਸ਼ੁਕਰਵਾਰ ਨੂੰ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦਾ ਅਵਤਾਰ ਗੁਰਪੁਰਬ ਮਨਾਇਆ ਗਿਆ, ਜਿਸ ਵਿੱਚ ਮਾਨਯੋਗ ਐਸ.ਐਚ.ਓ ਸਿਟੀ ਸ੍ਰੀ ਸੁਖਚੈਨ ਮਹਿਤਾ ਨੂੰ ਪ੍ਰਬੰਧਕ ਕਮੇਟੀ ਵੱਲੋਂ ਸੱਦਾ ਪੱਤਰ ਦਿੱਤਾ ਗਿਆ ਸੀ, ਪ੍ਰੰਤੂ 15 ਅਗਸਤ ਦੇ ਰੁਝੇਵਿਆਂ ਕਰਕੇ ਉਹ ਪਹੁੰਚ ਨਹੀਂ ਸਕੇ। ਗੁਰਦੁਆਰਾ ਸਾਹਿਬ ਵਿਖੇ ਚੱਲ ਰਹੇ ਚੌਪਹਿਰਾ ਸਾਹਿਬ ਤਹਿਤ ਐਤਵਾਰ ਚੌਪਹਿਰਾ ਸਾਹਿਬ ਹੁੰਦਾ ਹੈ ਸੋ ਚੌਪਹਿਰਾ ਸਾਹਿਬ ਵਿੱਚ ਹਾਜ਼ਰੀ ਭਰਦੇ ਹੋਏ ਸਤਿਗੁਰਾਂ ਦੇ ਦਰਸ਼ਨ ਦੀਦਾਰੇ ਵਾਸਤੇ ਸ੍ਰੀ ਸੁਖਸੈਨ ਮਹਿਤਾ ਐਸ.ਐਚ.ਓ ਫਿਰੋਜਪੁਰ ਸ਼ਹਿਰ ਨਤਮਸਤਕ ਹੋਏ, ਉਨ੍ਹਾਂ ਨਾਲ ਹੌਲਦਾਰ ਦਵਿੰਦਰ ਸਿੰਘ ਵੀ ਸਤਿਗੁਰਾਂ ਦੇ ਦਰਸ਼ਨ ਦੀਦਾਰੇ ਕਰਨ ਵਾਸਤੇ ਪਹੁੰਚੇ। ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਸੰਗਤ ਵੱਲੋਂ ਸ੍ਰੀ ਸੁਖਚੈਨ ਮਹਿਤਾ ਅਤੇ ਦਵਿੰਦਰ ਸਿੰਘ ਹੁਰਾਂ ਨੂੰ ਸਤਿਗੁਰੂ ਜੀ ਦੀ ਬਖਸ਼ਿਸ਼ ਸਿਰਪਾਉ ਸਾਹਿਬ ਦੇ ਕੇ ਸਨਮਾਨਿਤ ਕੀਤਾ ਗਿਆ। ਸ੍ਰੀ ਸੁਖਸੈਨ ਮਹਿਤਾ ਐਸ.ਐਚ.ਓ ਸਾਹਿਬ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਕੋਟਨ ਕੋਟ ਧੰਨਵਾਦ ਕੀਤਾ। ਹੈਡ ਗ੍ਰੰਥੀ ਭਾਈ ਅਵਤਾਰ ਸਿੰਘ ਫੌਜੀ ਅਤੇ ਸੰਗਤਾਂ ਵੱਲੋਂ ਸਤਿਗੁਰੂ ਜੀ ਅੱਗੇ ਅਰਦਾਸ ਬੇਨਤੀ ਕੀਤੀ ਕਿ ਇਨ੍ਹਾਂ ਨੂੰ ਬਖਸ਼ਿਸ਼ ਕੀਤੀ ਸੇਵਾ ਉੱਚੀ ਤੇ ਸੁੱਚੀ ਸੇਵਾ ਕਰਾਉਣ ਦਾ ਬਲ ਬਖਸ਼ਿਸ਼ ਕਰਨਨ। ਇੱਥੇ ਦੱਸਣਾ ਜਰੂਰੀ ਹੈ ਮਹਿਤਾ ਪਰਿਵਾਰ ਸਾਰਾ ਗੁਰੂ ਘਰ ਨਾਲ ਜੁੜਿਆ ਹੋਇਆ ਹੈ ਅਸੀਂ ਅਰਦਾਸ ਕਰਦੇ ਹਾਂ ਸਤਿਗੁਰੂ ਜੀ ਇਸੇ ਤਰ੍ਹਾਂ ਪਰਿਵਾਰ ਨੂੰ ਗੁਰੂ ਘਰ ਨਾਲ ਜੋੜੀ ਰੱਖੇ ਅਤੇ ਦਿਨ ਦੁਗਣੀ ਰਾਤ ਚੌਗਣੀ ਤਰੱਕੀਆਂ ਬਖਸ਼ਿਸ਼ ਕਰਨ। ਇਸ ਮੌਕੇ ਭਾਈ ਅਵਤਾਰ ਸਿੰਘ ਫੌਜੀ ਤੋਂ ਇਲਾਵਾ ਸਰਬਜੀਤ ਸਿੰਘ ਪਾਪੜਾ ਵਾਲੇ, ਸੋਨੂ ਬਾਵਾ, ਇਕਬਾਲ ਸਿੰਘ ਸਾਭਾ, ਤੇਜਿੰਦਰ ਸਿੰਘ, ਕਮਲਜੀਤ ਸਿੰਘ, ਅਜੇ ਮੋਂਗਾ ਬੱਲੀ, ਗਗਨਦੀਪ ਸ਼ਰਮਾ, ਵਿਸ਼ਵਦੀਪ ਸਿੰਘ ਤੋਂ ਇਲਾਵਾ ਕਾਫੀ ਸੰਗਤਾਂ ਹਾਜ਼ਰ ਸਨ।

# ਪ੍ਰਾਈਵੇਟ ਸਕੂਲਾਂ ਵੱਲੋਂ ਮੁਫ਼ਤ ਤੇ ਲਾਜ਼ਮੀ ਸਿੱਖਿਆ ਐਕਟ 2009 ਲਾਗੂ ਨਾ ਕਰਕੇ ਗਰੀਬ ਵਰਗ ਦੇ ਬੱਚਿਆਂ ਨੂੰ ਲਾਜ਼ਮੀ ਸਿੱਖਿਆ ਤੋਂ ਵੰਚਿਤ ਕੀਤਾ—ਇੰਜ ਸੁਰਿੰਦਰ ਸਿੰਘ ਭਿੰਡਰ



**ਫ਼ਿਰੋਜ਼ਪੁਰ, 09 ਅਗਸਤ (ਮਨੋਹਰ ਲਾਲ) :—** ਅਧਿਕਾਰ ਸੰਘਰਸ਼ ਪਾਰਟੀ ਦੇ ਪੰਜਾਬ ਪ੍ਰਧਾਨ ਅਤੇ ਪ੍ਰਮੁੱਖ ਸਲਾਹਕਾਰ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਕੰਮਜ਼ੋਰ ਵਰਗਾਂ ਦੇ ਐਲੀਮੈਂਟਰੀ ਸਿੱਖਿਆ ਦੇ ਵਿਦਿਆਰਥੀਆਂ (ਐਸ.ਸੀ, ਬੀਸੀ, ਅਨਾਥ ਅਤੇ ਅੰਗਹੀਣ ਬੱਚਿਆਂ) ਲਈ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਐਕਟ 2009 ਜੋ ਕਿ 2010 ਲਾਗੂ ਕੀਤਾ ਗਿਆ ਪਰ ਤਤਕਾਲੀ ਪੰਜਾਬ ਸਰਕਾਰਾਂ ਅਤੇ ਮੌਜੂਦਾ ਸਰਕਾਰ ਨੇ ਵੰਚਿਤ ਕੰਮਜ਼ੋਰ ਬੱਚਿਆਂ ਲਈ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਐਕਟ 2009 ਅੱਜ ਤੱਕ ਲਾਗੂ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਨਾਲ ਦੋ ਦਹਾਕਿਆਂ ਤੋਂ ਕੰਮਜ਼ੋਰ ਅਤੇ ਆਰਥਿਕ ਤੌਰ ਤੇ ਪਛੜੇ ਵਰਗਾਂ ਦੇ ਲੱਖਾਂ ਬੱਚਿਆਂ ਨੂੰ ਲਾਜ਼ਮੀ ਸਿੱਖਿਆ ਐਕਟ ਤੋਂ ਵਾਂਝਾ ਰਹਿਣਾ ਪਿਆ ਅਤੇ ਇੰਨਾਂ ਵਰਗਾਂ ਦੇ ਵਿਦਿਆਰਥੀਆਂ ਦਾ ਬਹੁਤ ਨੁਕਸਾਨ ਹੋਇਆ ।ਉਨ੍ਹਾਂ ਕਿਹਾ ਕਿ ਕੰਮਜ਼ੋਰ ਵਰਗਾਂ ਦੇ ਵਿਦਿਆਰਥੀਆਂ ਲਈ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਐਕਟ 2009 ਇਹ ਪ੍ਰਭਾਸ਼ਿਤ ਕਰਦੈ ਕਿ ਪ੍ਰਾਈਵੇਟ, ਗੈਰ ਸਹਾਇਤਾ ਪ੍ਰਾਪਤ ਸਾਰੇ ਸਕੂਲ ਆਰਥਿਕ ਤੌਰ ਪਛੜੇ ਵਰਗਾਂ ਦੇ ਵਿਦਿਆਰਥੀਆਂ ਜਿਵੇਂ ਅਨੁਸੂਚਿਤ ਅਤੇ ਪੱਛੜੀਆਂ ਜਾਤੀਆਂ, ਅਨਾਥ ਅਤੇ ਅੰਗਹੀਣ, 6—14 ਦੇ ਵਿਦਿਆਰਥੀਆਂ ਨੂੰ ਪਹਿਲੀ, ਨਰਸਰੀ ਕਲਾਸ ਤੋਂ ਆਪਣੇ ਸਕੂਲ ਵਿੱਚ ਐਲੀਮੈਂਟਰੀ ਸਕੂਲ ਸਿੱਖਿਆ ਦੇਣ ਲਈ 25 ਫੀਸਦੀ ਸੀਟਾਂ ਦਾ ਦਾਖਲਾ ਲਾਜ਼ਮੀ ਦੇਣਾ ਯਕੀਨੀ ਬਣਾਉਣਗੇ ਪਰ ਇੰਨਾਂ ਪ੍ਰਾਈਵੇਟ ਸਕੂਲਾਂ ਨੇ ਭਾਰਤ ਸਰਕਾਰ ਦੇ ਇਸ ਕਾਨੂੰਨ ਨੂੰ ਟਿੱਚ ਜਾਣਿਆ ਅਤੇ ਗਰੀਬ ਸਮਾਜ ਦੇ ਬੱਚਿਆਂ ਨੂੰ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਪ੍ਰਦਾਨ ਕਰਨ ਲਈ ਨੇੜੇ ਨਹੀਂ ਢੁੱਕਣ ਦਿੱਤਾ।

ਗੱਲਬਾਤ ਕਰਦਿਆਂ ਇੰਜ. ਭਿੰਡਰ ਨੇ ਕਿਹਾ ਕਿ ਪ੍ਰਾਈਵੇਟ ਸਕੂਲਾਂ ਦੇ ਮਾਲਕ ਅਤੇ ਮੈਨੇਜਮੈਂਟ ਕਮੇਟੀਆਂ ਇਸ ਕਾਨੂੰਨ ਨੂੰ ਲਾਗੂ ਕਰਨ ਲਈ ਕਈ ਤਰਾਂ ਦੀਆਂ ਬਹਾਨੇ ਬਾਜ਼ੀਆਂ ਅਤੇ ਗੈਰ ਕਾਨੂੰਨੀ ਅਟਕਲਾਂ ਢਾਹ ਕੇ ਕੰਮਜ਼ੋਰ ਵਰਗਾਂ ਦੇ ਵਿਦਿਆਰਥੀਆਂ ਨੂੰ ਆਪਣੇ ਸਕੂਲਾਂ ਵਿਚ ਦਾਖਲਾ ਨਹੀਂ ਦੇ ਰਹ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਫੈਸਲੇ ਨੂੰ ਅਤੇ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਨੂੰ ਵੀ ਇੰਨਾਂ ਪ੍ਰਾਈਵੇਟ ਸਕੂਲਾਂ ਵੱਲੋਂ ਅਣਡਿੱਠ ਕੀਤਾ ਜਾ ਰਿਹਾ ਹੈ ਅਤੇ ਕੰਮਜ਼ੋਰ ਵਰਗਾਂ ਦੇ ਵਿਦਿਆਰਥੀਆਂ ਨੂੰ ਪ੍ਰਾਈਵੇਟ ਸਕੂਲਾਂ ਵਿਚ ਦਾਖਲਾ ਦਿਵਾਉਣ ਲਈ ਪੰਜਾਬ ਸਰਕਾਰ ਵੀ ਸੁਹਿਰਦ ਨਹੀਂ ਜਾਪਦੀ। ਉਨ੍ਹਾਂ ਕਿਹਾ ਕਿ 2027 ਵਿੱਚ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਨ ਤੇ ਗਰੀਬ ਪਰਿਵਾਰਾਂ ਦੇ ਕੰਮਜ਼ੋਰ ਬੱਚਿਆਂ ਲਈ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਐਕਟ 2009 ਤੁਰੰਤ ਲਾਗੂ ਕੀਤਾ ਜਾਵੇਗਾ ਤਾਂ ਕਿ ਇਹ ਗਰੀਬ ਬੱਚੇ ਵੀ ਵਿਕਸਤ ਸਮਾਜ ਦੇ ਬਰਾਬਰ ਖੜ ਸਕਣਾ ਅਤੇ ਜਿੰਨਾਂ ਪ੍ਰਾਈਵੇਟ ਸਕੂਲਾਂ ਨੇ ਜਾਣਬੁੱਝ ਕੇ ਆਰਥਿਕ ਤੌਰ ਤੇ ਪਛੜੇ ਵਰਗਾਂ ਦੇ ਵਿਦਿਆਰਥੀਆਂ ਨੂੰ ਐਲੀਮੈਂਟਰੀ ਸਿੱਖਿਆ ਪ੍ਰਣਾਲੀ ਵਿੱਚ ਮੁੱਢਲੀ ਸਿੱਖਿਆ ਦੇਣ ਤੋਂ ਵੰਚਿਤ ਕੀਤਾ ਹੈ, ਉਨਾਂ ਸਕੂਲਾਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਨੂੰਨ ਕਾਰਵਾਈ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਪਿੰਡ ਦਨਵਾਲ ਵਿੱਚ ਭਾਜਪਾ ਤੇ ਕਾਂਗਰਸ ਨੂੰ ਵੱਡਾ ਝਟਕਾ

# ਪਿੰਡ ਦਨਵਾਲ ਦੇ ਸਰਪੰਚ ਸਮੇਤ ਕਰੀਬ 2 ਦਰਜਨ ਨੌਜਵਾਨ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ

**ਕਿਹਾ -ਕੈਬਨਿਟ ਮੰਤਰੀ ਪੰਜਾਬ ਸ੍ਰੀ ਲਾਲ ਚੰਦ ਕਟਾਰੂਚੱਕ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹਲਕਾ ਭੋਆ ਦੇ ਪਿੰਡਾਂ ਵਿੱਚ ਲੋਕਾਂ ਨਾਲ ਲਗਾਤਾਰ ਸੰਪਰਕ ਕੀਤਾ ਜਾ ਰਿਹਾ ਹੈ ਅਤੇ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ....**



**ਪਠਾਨਕੋਟ, 9 ਅਗਸਤ (ਆਵਾਜ਼ਿ ਕੌਮ ਬਿਊਰੋ)-** ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਦਨਵਾਲ ਵਿਖੇ ਅੱਜ ਭਾਰਤੀ ਜਨਤਾ ਪਾਰਟੀ ਅਤੇ ਕਾਂਗਰਸ ਪਾਰਟੀ ਨੂੰ ਉਸ ਸਮੇਂ ਵੱਡਾ ਝਟਕਾ ਲੱਗਾ, ਜਦੋਂ ਪਿੰਡ ਦੇ ਸਰਪੰਚ ਸਮੇਤ ਕਰੀਬ ਦੋ ਦਰਜਨ ਨੌਜਵਾਨਾਂ ਨੇ ਵੱਖ-ਵੱਖ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਆਮ ਆਦਮੀ ਪਾਰਟੀ ਦੇ ਆਗੂ ਸ੍ਰੀ ਰੋਬਿਨ ਕਟਾਰੂਚੱਕ ਅਤੇ ਹੋਰ ਪਾਰਟੀ ਵਰਕਰਾਂ ਵੱਲੋਂ ਨਵੇਂ ਸ਼ਾਮਿਲ ਹੋਏ ਪਰਿਵਾਰਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਰੋਬਿਨ ਕਟਾਰੂਚੱਕ ਨੇ ਕਿਹਾ ਕਿ ਕੈਬਨਿਟ ਮੰਤਰੀ ਪੰਜਾਬ ਸ੍ਰੀ ਲਾਲ ਚੰਦ ਕਟਾਰੂਚੱਕ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹਲਕਾ ਭੋਆ ਦੇ ਪਿੰਡਾਂ ਵਿੱਚ ਲੋਕਾਂ ਨਾਲ ਲਗਾਤਾਰ ਸੰਪਰਕ ਕੀਤਾ ਜਾ ਰਿਹਾ ਹੈ ਅਤੇ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਅਤੇ ਲੋਕ-ਪੱਖੀ ਨੀਤੀਆਂ ਬਾਰੇ ਲੋਕਾਂ ਨੂੰ ਜਾਣੂ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਅਤੇ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਵੱਡੀ ਗਿਣਤੀ ਵਿੱਚ ਲੋਕ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਦੱਸਿਆ ਕਿ ਪਿੰਡ ਦਨਵਾਲ ਤੋਂ ਸਰਪੰਚ ਰਣਜੀਤ ਸਿੰਘ, ਨਰੇਸ਼ ਸਿੰਘ, ਪੂਰਨ ਚੰਦ, ਨਿਰੰਜਨ ਸਿੰਘ, ਕਮਲ ਸਿੰਘ, ਸਿਕੰਦਰ ਸਿੰਘ, ਹਰੀ ਸਿੰਘ, ਅਤਰ ਸਿੰਘ, ਪੰਕਜ ਸਿੰਘ, ਰਵਿੰਦਰ ਵਰਮਾ, ਸੁਰਿੰਦਰ ਸਿੰਘ, ਅਸ਼ਵਨੀ ਕੁਮਾਰ (ਪੰਚ ਮੈਂਬਰ), ਰਾਘਵ ਸਿੰਘ ਸਮੇਤ ਕਰੀਬ ਦੋ ਦਰਜਨ ਨੌਜਵਾਨ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਹਨ। ਨਵੇਂ ਸ਼ਾਮਿਲ ਹੋਏ ਆਗੂਆਂ ਅਤੇ ਨੌਜਵਾਨਾਂ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ, ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਅਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਕੀਤੇ ਜਾ ਰਹੇ ਯਤਨਾਂ ਤੋਂ ਪ੍ਰਭਾਵਿਤ ਹਨ। ਉਨ੍ਹਾਂ ਕਿਹਾ ਕਿ ਉਹ ਪਾਰਟੀ ਦੀ ਮਜ਼ਬੂਤੀ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਪਾਰਟੀ ਆਗੂਆਂ ਨੇ ਨਵੇਂ ਸ਼ਾਮਿਲ ਹੋਏ ਸਾਰੇ ਸਾਥੀਆਂ ਨੂੰ ਭਰੋਸਾ ਦਿਵਾਇਆ ਕਿ ਆਮ ਆਦਮੀ ਪਾਰਟੀ ਵਿੱਚ ਉਨ੍ਹਾਂ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ ਅਤੇ ਪਿੰਡ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਦਿੱਤੀ ਜਾਵੇਗੀ।

# ਐਸ.ਡੀ.ਐਮ ਸਵਾਤੀ ਟਿਵਾਣਾ ਨੇ ਖੰਨਾ ਸਬ-ਡਿਵੀਜ਼ਨ 'ਚ ਕੌਮੀ ਰਾਜਮਾਰਗ 'ਤੇ ਐਨ.ਐਚ.ਏ.ਆਈ. ਨੂੰ ਟੋਇਆਂ ਅਤੇ ਹੋਰ ਸੜਕੀ ਨੁਕਸਾਂ ਦੀ ਤੁਰੰਤ ਮੁਰੰਮਤ ਦੇ ਕਰਨ ਦੇ ਦਿੱਤੇ ਨਿਰਦੇਸ਼



**ਖੰਨਾ, 9 ਅਗਸਤ (ਆਵਾਜ਼ਿ ਕੌਮ ਬਿਊਰੋ)-** ਉਪ ਮੰਡਲ ਮਜਿਸਟਰੇਟ (ਐਸ.ਡੀ.ਐਮ.) ਖੰਨਾ ਸ੍ਰੀਮਤੀ ਸਵਾਤੀ ਟਿਵਾਣਾ ਨੇ ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ (ਐਨ.ਐਚ.ਏ.ਆਈ.), ਪ੍ਰੋਜੈਕਟ ਇੰਪਲੀਮੈਂਟੇਸ਼ਨ ਯੂਨਿਟ (ਪੀ.ਆਈ.ਯੂ.) ਲੁਧਿਆਣਾ ਦੇ ਪ੍ਰੋਜੈਕਟ ਡਾਇਰੈਕਟਰ ਨੂੰ ਉਪ ਮੰਡਲ ਖੰਨਾ ਅਧੀਨ ਆਉਂਦੇ ਰਾਸ਼ਟਰੀ ਰਾਜਮਾਰਗ ਦੇ ਹਿੱਸੇ 'ਤੇ ਟੋਇਆਂ ਅਤੇ ਹੋਰ ਸੜਕੀ ਨੁਕਸਾਂ ਦੀ ਤੁਰੰਤ ਮੁਰੰਮਤ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ। ਐਸ.ਡੀ.ਐਮ. ਨੇ ਇਹ ਕਾਰਵਾਈ ਐਨ.ਐਚ.ਏ.ਆਈ.ਪੀ.ਆਈ.ਯੂ.ਲੁਧਿਆਣਾ ਵੱਲੋਂ ਪੱਤਰ ਨੰਬਰ ਐਲ.ਡੀ.ਐਚ./24605 ਮਿਤੀ 8 ਅਗਸਤ, 2026 ਰਾਹੀਂ ਦਿੱਤੇ ਜਵਾਬ ਦੇ ਸੰਦਰਭ ਵਿੱਚ ਕੀਤੀ ਹੈ। ਐਨ.ਐਚ.ਏ.ਆਈ. ਵੱਲੋਂ ਦੱਸਿਆ ਗਿਆ ਹੈ ਕਿ ਸਬੰਧਤ ਰਾਸ਼ਟਰੀ ਰਾਜਮਾਰਗ ਦੀ ਦੇਖਭਾਲ ਓ ਐਂਡ ਐਮ ਠੇਕੇਦਾਰ ਦੁਆਰਾ ਕੀਤੀ ਜਾ ਰਹੀ ਹੈ ਅਤੇ ਟੋਇਆਂ ਦੀ ਤੁਰੰਤ ਮੁਰੰਮਤ ਲਈ ਲੋੜੀਂਦੇ ਨਿਰਦੇਸ਼ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਹਨ। ਇਸ ਤੋਂ ਇਲਾਵਾ ਮਾਨਸੂਨ ਸੀਜ਼ਨ ਦੌਰਾਨ ਸੜਕ ਦੀ ਵਧੇਰੇ ਨਿਗਰਾਨੀ ਅਤੇ ਗਸ਼ਤ ਕਰਨ ਲਈ ਵੀ ਕਿਹਾ ਗਿਆ ਹੈ। ਸ੍ਰੀਮਤੀ ਟਿਵਾਣਾ ਨੇ ਹਦਾਇਤ ਕੀਤੀ ਕਿ ਖੰਨਾ ਉਪ ਮੰਡਲ ਵਿੱਚ ਐਨ.ਐਚ.ਏ.ਆਈ. ਦੇ ਅਧਿਕਾਰ ਖੇਤਰ ਅਧੀਨ ਆਉਂਦੇ ਸਾਰੇ ਟੋਇਆਂ, ਖਰਾਬ ਸੜਕੀ ਹਿੱਸਿਆਂ ਅਤੇ ਹੋਰ ਨੁਕਸਾਂ ਦੀ ਮੁੜ ਪਛਾਣ ਕਰਕੇ ਤੁਰੰਤ ਮੁਰੰਮਤ ਕੀਤੀ ਜਾਵੇ। ਉਨ੍ਹਾਂ ਨੇ ਪਾਣੀ ਭਰਨ ਵਾਲੀਆਂ ਥਾਵਾਂ 'ਤੇ ਢੁਕਵੇਂ ਰੋਕਥਾਮੀ ਉਪਾਅ ਕਰਨ ਅਤੇ ਮਾਨਸੂਨ ਦੌਰਾਨ ਨਿਯਮਿਤ ਜਾਂਚ ਤੇ ਗਸ਼ਤ ਯਕੀਨੀ ਬਣਾਉਣ ਲਈ ਵੀ ਕਿਹਾ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਮੁਰੰਮਤ ਕਾਰਜਾਂ ਦੀ ਪਾਲਣਾ ਰਿਪੋਰਟ/ਸਰਟੀਫਿਕੇਟ ਐਨ.ਐਚ.ਏ.ਆਈ. ਜਾਂ ਓ ਐਂਡ ਐਮ ਠੇਕੇਦਾਰ ਦੇ ਸਮਰੱਥ ਅਧਿਕਾਰੀ ਵੱਲੋਂ ਦਸਤਖਤ ਕਰਕੇ, ਮੁਰੰਮਤ ਕੀਤੀਆਂ ਥਾਵਾਂ ਦੇ ਸੰਖੇਪ ਵੇਰਵੇ ਸਮੇਤ, ਪੱਤਰ ਪ੍ਰਾਪਤ ਹੋਣ ਤੋਂ 48 ਘੰਟਿਆਂ ਦੇ ਅੰਦਰ ਇਸ ਦਫ਼ਤਰ ਨੂੰ ਭੇਜਿਆ ਜਾਵੇ। ਇਹ ਕਦਮ ਆਮ ਲੋਕਾਂ ਦੀ ਸੁਰੱਖਿਆ ਅਤੇ ਸੜਕ ਆਵਾਜਾਈ ਨੂੰ ਸੁਚਾਰੂ ਬਣਾਈ ਰੱਖਣ ਲਈ ਚੁੱਕਿਆ ਗਿਆ ਹੈ।

# ਐਮ.ਪੀ. ਡਾ. ਰਾਜ ਕੁਮਾਰ ਚੱਬੇਵਾਲ ਵੱਲੋਂ ਘੁਮਾਣ-ਸ੍ਰੀ ਹਰਗੋਬਿੰਦਪੁਰ-ਟਾਂਡਾ ਚਾਰ ਮਾਰਗੀ ਪ੍ਰੋਜੈਕਟ ਨੂੰ ਜਲਦ ਮੁੜ ਅਲਾਟ ਕਰਨ ਦੀ ਕੀਤੀ ਮੰਗ

**ਚੱਬੇਵਾਲ ਨੇ ਕੇਂਦਰੀ ਮੰਤਰੀ ਨਿਤਿਨ ਗਡਕਰੀ ਨਾਲ ਕੀਤੀ ਮੁਲਾਕਾਤ; ਸੋਧੇ ਹੋਏ ਡੀ.ਪੀ.ਆਰ. ਨੂੰ ਜਲਦੀ ਮਨਜ਼ੂਰੀ ਦੇਣ ਦੀ ਮੰਗ**



ਮੁਕੇਰੀਆਂ, 9 ਅਗਸਤ (ਆਵਾਜ਼ਿ ਕੌਮ ਬਿਊਰੋ)- ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਕੇਂਦਰੀ ਸੜਕੀ ਆਵਾਜਾਈ ਅਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਕੀਤੀ ਅਤੇ ਐਨਐਚ-503-ਏ ਦੇ ਮੌਜੂਦਾ ਡਬਲ ਲੇਨ ਘੁਮਾਣ-ਸ੍ਰੀ ਹਰਗੋਬਿੰਦਪੁਰ-ਟਾਂਡਾ ਹਿੱਸੇ ਨੂੰ ਚਾਰ ਮਾਰਗੀ ਬਣਾਉਣ ਦੇ ਪ੍ਰੋਜੈਕਟ ਨੂੰ ਜਲਦ ਮੁੜ ਅਲਾਟ ਕਰਨ ਅਤੇ ਪ੍ਰਾਜੈਕਟ ਕੰਮ ਸ਼ੁਰੂ ਕਰਵਾਉਣ ਲਈ ਉਨ੍ਹਾਂ ਦੇ ਨਿੱਜੀ ਦਖਲ ਦੀ ਮੰਗ ਕੀਤੀ। ਮੁਲਾਕਾਤ ਦੌਰਾਨ ਡਾ. ਚੱਬੇਵਾਲ ਨੇ ਕੇਂਦਰੀ ਮੰਤਰੀ ਨੂੰ ਜਾਣੂ ਕਰਵਾਇਆ ਕਿ ਪੈਕੇਜ-2 ਤਹਿਤ (43.400 ਕਿਲੋਮੀਟਰ ਤੋਂ 85.788 ਕਿਲੋਮੀਟਰ) ਨੂੰ ਕਵਰ ਕਰਨ ਵਾਲਾ ਇਹ ਅਹਿਮ ਪ੍ਰੋਜੈਕਟ ਦੀ ਪਹਿਲਾਂ ਅਲਾਟਮੈਂਟ ਹੋਈ ਸੀ ਜਦਕਿ ਗੁਰਦਾਸਪੁਰ ਜ਼ਿਲ੍ਹੇ ਵਿੱਚ ਐਕੁਆਇਰ ਕੀਤੀ ਜ਼ਮੀਨ ਦਾ ਕਬਜ਼ਾ ਨਾ ਮਿਲਣ ਕਾਰਨ ਨੈਸ਼ਨਲ ਹਾਈਵੇ ਅਥਾਰਟੀ ਵੱਲੋਂ ਇਹ ਠੇਕਾ ਰੱਦ ਕਰ ਦਿੱਤਾ ਗਿਆ ਸੀ। ਮੈਂਬਰ ਪਾਰਲੀਮੈਂਟ ਨੇ ਨਿਤਿਨ ਗਡਕਰੀ ਨੂੰ ਇਹ ਵੀ ਦੱਸਿਆ ਕਿ ਪ੍ਰੋਜੈਕਟ ਲਈ ਸੋਧੀ ਹੋਈ ਵਿਸਥਾਰਤ ਪ੍ਰੋਜੈਕਟ ਰਿਪੋਰਟ ਹੁਣ ਤਿਆਰ ਕਰਕੇ ਐਨ.ਐਚ.ਏ.ਆਈ. ਦੇ ਸਮਰੱਥ ਅਧਿਕਾਰੀ ਕੋਲ ਜਮ੍ਹਾਂ ਕਰਵਾ ਦਿੱਤੀ ਗਈ ਹੈ, ਜਿਸ ਨਾਲ ਇਸ ਨੂੰ ਮੁੜ ਅਲਾਟ ਕਰਨ ਦਾ ਰਾਹ ਪੱਧਰਾ ਹੋ ਗਿਆ ਹੈ। ਉਨ੍ਹਾਂ ਕੇਂਦਰੀ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਅਥਾਰਟੀ ਦੇ ਅਧਿਕਾਰੀਆਂ ਨੂੰ ਜਲਦ ਤੋਂ ਜਲਦ ਜ਼ਰੂਰੀ ਮਨਜ਼ੂਰੀਆਂ ਦੇਣ ਦੇ ਨਿਰਦੇਸ਼ ਦੇਣ ਤਾਂ ਜੋ ਪ੍ਰੋਜੈਕਟ ਲਈ ਨਵੇਂ ਟੈਂਡਰ ਮੰਗੇ ਜਾ ਸਕਣ ਅਤੇ ਲੰਬੇ ਸਮੇਂ ਤੋਂ ਲਟਕ ਰਹੇ ਫੋਰ-ਲੇਨਿੰਗ ਦਾ ਕੰਮ ਬਿਨਾਂ ਕਿਸੇ ਹੋਰ ਦੇਰੀ ਦੇ ਸ਼ੁਰੂ ਹੋ ਸਕੇ। ਡਾ. ਚੱਬੇਵਾਲ ਨੇ ਕਿਹਾ ਕਿ ਇਸ ਮਹੱਤਵਪੂਰਨ ਰਾਸ਼ਟਰੀ ਰਾਜਮਾਰਗ ਹਿੱਸੇ ਦੇ ਅਪਗ੍ਰੇਡੇਸ਼ਨ ਨਾਲ ਆਸ-ਪਾਸ ਦੇ ਇਲਾਕਿਆਂ ਵਿਚਕਾਰ ਕਨੈਕਟੀਵਿਟੀ ਵਿੱਚ ਸੁਧਾਰ ਹੋਵੇਗਾ ਅਤੇ ਯਾਤਰੀਆਂ ਦੀ ਆਵਾਜਾਈ ਵਧੇਰੇ ਸੁਚਾਰੂ ਅਤੇ ਸੁਰੱਖਿਅਤ ਹੋਵੇਗੀ। ਉਨ੍ਹਾਂ ਖੇਤਰ ਦੀਆਂ ਵਧਦੀਆਂ ਟ੍ਰੈਫਿਕ ਅਤੇ ਵਿਕਾਸ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਪ੍ਰੋਜੈਕਟ ਵਿੱਚ ਤੇਜ਼ੀ ਲਿਆਉਣ ਦੀ ਅਹਿਮੀਅਤ 'ਤੇ ਵੀ ਜ਼ੋਰ ਦਿੱਤਾ। ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਡਾ. ਚੱਬੇਵਾਲ ਨੂੰ ਭਰੋਸਾ ਦਿਵਾਇਆ ਕਿ ਉਹ ਜਲਦ ਇਸ ਮਾਮਲੇ ਨੂੰ ਦੇਖਣਗੇ ਅਤੇ ਇਸਦੇ ਹੱਲ ਲਈ ਜ਼ਰੂਰੀ ਕਦਮ ਚੁੱਕਣਗੇ। ਮੰਤਰੀ ਨੇ ਇਹ ਵੀ ਭਰੋਸਾ ਦਿੱਤਾ ਕਿ ਪ੍ਰੋਜੈਕਟ ਨੂੰ ਜਲਦੀ ਤੋਂ ਜਲਦੀ ਨੇਪਰੇ ਚਾੜ੍ਹਨ ਲਈ ਯਤਨ ਕੀਤੇ ਜਾਣਗੇ।


ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243


# ਭਾਈ ਹਵਾਰਾ ਦੀ ਪੈਰੋਲ ਲਈ ਭਗਵੰਤ ਮਾਨ ਦਾ ਕਦਮ ਸ਼ਲਾਘਾਯੋਗ, ਬੰਦੀ ਸਿੰਘਾਂ ਦੇ ਮਾਮਲੇ ਵੀ ਮਨੁੱਖਤਾ ਦੇ ਆਧਾਰ 'ਤੇ ਹੱਲ ਹੋਣ: ਹਰਮੀਤ ਸਿੰਘ ਕਾਲਕਾ



**ਨਵੀਂ ਦਿੱਲੀ, 9 ਅਗਸਤ (ਮਨਪ੍ਰੀਤ ਸਿੰਘ ਖਾਲਸਾ):-** ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਮਾਨ ਵੱਲੋਂ ਭਾਈ ਜਗਤਾਰ ਸਿੰਘ ਹਵਾਰਾ ਨੂੰ 10 ਦਿਨਾਂ ਦੀ ਪੈਰੋਲ ਦੇਣ ਲਈ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੂੰ ਪੱਤਰ ਲਿਖਣ ਦਾ ਸਵਾਗਤ ਕੀਤਾ ਹੈ। ਸਰਦਾਰ ਕਾਲਕਾ ਨੇ ਕਿਹਾ ਕਿ ਭਾਈ ਹਵਾਰਾ ਦੀ ਮਾਤਾ ਬਿਮਾਰ ਹੋਣ ਕਾਰਨ ਉਨ੍ਹਾਂ ਨੂੰ 10 ਦਿਨਾਂ ਦੀ ਪੈਰੋਲ ਦੇਣ ਦੀ ਮੰਗ ਮਨੁੱਖਤਾ ਦੇ ਆਧਾਰ 'ਤੇ ਤੁਰੰਤ ਵਿਚਾਰੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਇਸ ਮਾਮਲੇ ਵਿੱਚ ਪਹਿਲ ਕਰਨਾ ਪੰਜਾਬੀਆਂ ਅਤੇ ਸਿੱਖ ਸੰਗਤ ਦੀਆਂ ਭਾਵਨਾਵਾਂ ਦੀ ਕਦਰ ਕਰਨ ਵਾਲਾ ਕਦਮ ਹੈ। ਉਨ੍ਹਾਂ ਕਿਹਾ ਕਿ ਭਾਈ ਹਵਾਰਾ ਦੀ ਪੈਰੋਲ ਦੇ ਮਾਮਲੇ ਵਿੱਚ ਪਹਿਲਾਂ ਵੀ ਸੁਪਰੀਮ ਕੋਰਟ ਅਤੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਵੱਲੋਂ ਸਬੰਧਤ ਅਦਾਲਤਾਂ ਨੂੰ ਸਮੇਂ ਸਿਰ ਫੈਸਲਾ ਲੈਣ ਲਈ ਕਿਹਾ ਜਾ ਚੁੱਕਾ ਹੈ। ਅਜਿਹੇ ਵਿੱਚ ਬਿਮਾਰ ਮਾਤਾ ਦੀ ਦੇਖਭਾਲ ਲਈ ਉਨ੍ਹਾਂ ਨੂੰ ਪਰਿਵਾਰ ਕੋਲ ਜਾਣ ਦਾ ਮੌਕਾ ਮਿਲਣਾ ਮਨੁੱਖੀ ਪੱਖੋਂ ਬੇਹੱਦ ਜ਼ਰੂਰੀ ਹੈ। ਸਰਦਾਰ ਕਾਲਕਾ ਨੇ ਕਿਹਾ ਕਿ ਜੇਕਰ ਸਰਕਾਰਾਂ ਅਤੇ ਪ੍ਰਸ਼ਾਸਨ ਮਨੁੱਖਤਾ ਦੇ ਆਧਾਰ 'ਤੇ ਅਜਿਹੇ ਮਾਮਲਿਆਂ ਨੂੰ ਹੱਲ ਕਰਨ ਲਈ ਪਹਿਲ ਕਰਨ ਤਾਂ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਬੰਦੀ ਸਿੰਘਾਂ ਦੇ ਮਾਮਲਿਆਂ ਵਿੱਚ ਵੀ ਨਵਾਂ ਰਾਹ ਖੁੱਲ੍ਹ ਸਕਦਾ ਹੈ। ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਨਾਲ ਸਬੰਧਤ ਮਾਮਲਿਆਂ ਨੂੰ ਸਿਆਸੀ ਵਖਰੇਵਿਆਂ ਤੋਂ ਉੱਪਰ ਉੱਠ ਕੇ ਕਾਨੂੰਨ, ਸੰਵਿਧਾਨਕ ਹੱਕਾਂ ਅਤੇ ਮਨੁੱਖਤਾ ਦੇ ਆਧਾਰ 'ਤੇ ਵਿਚਾਰਨ ਦੀ ਲੋੜ ਹੈ। ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕਰਦਿਆਂ ਆਸ ਪ੍ਰਗਟਾਈ ਕਿ ਰਾਜਪਾਲ ਵੱਲੋਂ ਵੀ ਭਾਈ ਹਵਾਰਾ ਦੀ ਪੈਰੋਲ ਦੀ ਮੰਗ 'ਤੇ ਹਮਦਰਦੀ ਨਾਲ ਵਿਚਾਰ ਕਰਦਿਆਂ ਜਲਦ ਫੈਸਲਾ ਲਿਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਝੋਨੇ ਦੀ ਖਰੀਦ ਤੋਂ ਪਹਿਲਾਂ ਪੰਜਾਬ ਦੀਆਂ ਮੰਡੀਆਂ 'ਚੋਂ 18 ਲੱਖ ਮੀਟ੍ਰਿਕ ਟਨ ਪੁਰਾਣਾ ਸਟਾਕ ਚੁੱਕੇਗਾ ਕੇਂਦਰ: ਭਗਵੰਤ ਮਾਨ



ਨਵੀਂ ਦਿੱਲੀ, 9 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਝੋਨੇ ਦੇ ਆਉਣ ਵਾਲੇ ਖਰੀਦ ਸੀਜ਼ਨ ਤੋਂ ਪਹਿਲਾਂ ਪੰਜਾਬ ਨੂੰ ਰਾਹਤ ਦਿੰਦਿਆਂ ਕੇਂਦਰ ਸਰਕਾਰ ਨੇ ਸੂਬੇ ਦੀਆਂ ਮੰਡੀਆਂ ਵਿੱਚ ਪਏ 18 ਲੱਖ ਮੀਟ੍ਰਿਕ ਟਨ ਪੁਰਾਣੇ ਅਨਾਜ ਦੇ ਸਟਾਕ ਨੂੰ 20 ਸਤੰਬਰ ਤੱਕ ਚੁੱਕਣ ਲਈ ਸਹਿਮਤੀ ਦਿੱਤੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦਿੱਲੀ ਵਿਖੇ ਕੇਂਦਰੀ ਖੁਰਾਕ ਤੇ ਜਨਤਕ ਵੰਡ ਮੰਤਰੀ ਪ੍ਰਹਿਲਾਦ ਜੋਸ਼ੀ ਅਤੇ ਬਿਜਲੀ ਮੰਤਰੀ ਮਨੋਹਰ ਲਾਲ ਖੱਟਰ ਨਾਲ ਮੁਲਾਕਾਤ ਕਰਕੇ ਪੰਜਾਬ ਦੇ ਮੁੱਦੇ ਉਠਾਏ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਝੋਨੇ ਦੀ ਨਿਰਵਿਘਨ ਖਰੀਦ ਅਤੇ ਕਿਸਾਨਾਂ ਨੂੰ ਸਮੇਂ ਸਿਰ ਭੁਗਤਾਨ ਯਕੀਨੀ ਬਣਾਉਣ ਲਈ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਸਾਲ ਸੂਬੇ ਵਿੱਚ ਕਰੀਬ 180 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਦੀ ਉਮੀਦ ਹੈ, ਜਿਸ ਤੋਂ ਲਗਭਗ 170 ਲੱਖ ਮੀਟ੍ਰਿਕ ਟਨ ਮਿਆਰੀ ਗੁਣਵੱਤਾ ਦਾ ਚੌਲ ਕੇਂਦਰੀ ਪੂਲ ਲਈ ਮੁਹੱਈਆ ਕਰਵਾਇਆ ਜਾਵੇਗਾ। ਭਗਵੰਤ ਮਾਨ ਨੇ ਦੱਸਿਆ ਕਿ ਪੰਜਾਬ ਦੀਆਂ ਰਾਜ ਖਰੀਦ ਏਜੰਸੀਆਂ ਹੁਣ ਤੱਕ ਐਫ.ਸੀ.ਆਈ. ਨੂੰ 86 ਲੱਖ ਮੀਟ੍ਰਿਕ ਟਨ ਚੌਲ ਸਪਲਾਈ ਕਰ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ 18 ਲੱਖ ਮੀਟ੍ਰਿਕ ਟਨ ਪੁਰਾਣਾ ਸਟਾਕ ਚੁੱਕੇ ਜਾਣ ਨਾਲ ਲੰਬਿਤ ਚੌਲ ਐਫ.ਸੀ.ਆਈ. ਨੂੰ ਭੇਜਣ ਲਈ ਭੰਡਾਰਨ ਦੀ ਥਾਂ ਬਣੇਗੀ ਅਤੇ ਆਉਣ ਵਾਲੇ ਖਰੀਦ ਸੀਜ਼ਨ ਵਿੱਚ ਚੌਲ ਮਿੱਲਰਾਂ ਨੂੰ ਵੀ ਰਾਹਤ ਮਿਲੇਗੀ। ਮੁੱਖ ਮੰਤਰੀ ਨੇ ਕੇਂਦਰ ਨੂੰ ਪੰਜਾਬ ਵਿੱਚ ਮੰਡੀ ਯਾਰਡਾਂ ਅਤੇ ਚੌਲ ਮਿੱਲਾਂ ਵਿੱਚ ਪਈ 27 ਲੱਖ ਮੀਟ੍ਰਿਕ ਟਨ ਕਣਕ ਨੂੰ ਹੋਰ ਖਪਤਕਾਰ ਸੂਬਿਆਂ ਵਿੱਚ ਤੁਰੰਤ ਚੁੱਕਣ ਦੀ ਅਪੀਲ ਵੀ ਕੀਤੀ। ਉਨ੍ਹਾਂ ਕਿਹਾ ਕਿ ਇਸ ਨਾਲ ਖਰੀਫ਼ ਸੀਜ਼ਨ 2026-27 ਦੌਰਾਨ ਝੋਨੇ ਦੀ ਸਟੋਰੇਜ ਲਈ ਲੋੜੀਂਦੀ ਥਾਂ ਉਪਲਬਧ ਹੋਵੇਗੀ। ਉਨ੍ਹਾਂ ਕੇਂਦਰ ਨੂੰ ਕਿਸਾਨਾਂ ਦੀਆਂ ਫਸਲਾਂ ਦਾ ਸਮੇਂ ਸਿਰ ਭੁਗਤਾਨ ਯਕੀਨੀ ਬਣਾਉਣ ਦੀ ਵੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਆਦਰਸ਼ ਸੋਸ਼ਲ ਵੈਲਫੇਅਰ ਸੁਸਾਇਟੀ ਗੁਰਦਾਸਪੁਰ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਪਾਰਕ ਦੀ ਸਫ਼ਾਈ

ਗੁਰਦਾਸਪੁਰ, 9 ਅਗਸਤ (ਆਵਾਜ਼ਿ ਕੌਮ ਬਿਊਰੋ)- ਆਸਰਾ ਫਾਊਂਡੇਸ਼ਨ ਗੁਰਦਾਸਪੁਰ ਅਤੇ ਆਦਰਸ਼ ਸੋਸ਼ਲ ਵੈਲਫੇਅਰ ਸੁਸਾਇਟੀ ਗੁਰਦਾਸਪੁਰ ਵੱਲੋਂ ਸਾਂਝੇ ਤੌਰ 'ਤੇ ਅੱਜ ਬਾਬਾ ਬੰਦਾ ਸਿੰਘ ਬਹਾਦਰ ਪਾਰਕ ਗੁਰਦਾਸਪੁਰ ਵਿਖੇ ਸਫ਼ਾਈ ਮੁਹਿੰਮ ਚਲਾਈ ਗਈ। ਇਸ ਦੌਰਾਨ ਸੰਸਥਾਵਾਂ ਦੇ ਸੇਵਾਦਾਰਾਂ ਵੱਲੋਂ ਪਾਰਕ ਦੀ ਸਫ਼ਾਈ ਕਰਕੇ ਲੋਕਾਂ ਨੂੰ ਸਾਫ਼-ਸੁਥਰਾ ਵਾਤਾਵਰਨ ਬਣਾਈ ਰੱਖਣ ਦਾ ਸੰਦੇਸ਼ ਦਿੱਤਾ ਗਿਆ। ਇਸ ਮੌਕੇ ਆਸਰਾ ਫਾਊਂਡੇਸ਼ਨ ਦੇ ਮੁੱਖ ਸੇਵਾਦਾਰ ਅਮਨਦੀਪ ਬਜ਼ਾਲਾ ਨੇ ਕਿਹਾ ਕਿ ਸਫ਼ਾਈ ਸਿਰਫ਼ ਸਰਕਾਰ ਜਾਂ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਨਹੀਂ, ਸਗੋਂ ਹਰ ਨਾਗਰਿਕ ਦਾ ਫਰਜ਼ ਹੈ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਸਮਾਜ ਸੇਵਾ ਦੇ ਕਾਰਜਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਅਤੇ ਆਪਣੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਰੱਖਣ ਲਈ ਹੋਰਨਾਂ ਨੂੰ ਵੀ ਪ੍ਰੇਰਿਤ ਕਰਨ। ਇਸ ਮੌਕੇ ਗੁਰਬਖਸ਼ ਸਿੰਘ, ਅਮਨਦੀਪ ਘੁਮਾਣ, ਬਲਵਜਦਰ ਸਿੰਘ, ਹਰਦੀਪ ਸਿੰਘ, ਸੁੱਖਪਾਲ ਸਿੰਘ, ਸਰਬਜੀਤ ਸਿੰਘ, ਹਰਮਨ ਕਾਹਲੋਂ, ਰਾਹੁਲ ਕੁਮਾਰ, ਰੋਹਿਤ ਖਤਰੀ ਅਤੇ ਆਦਰਸ਼ ਸੋਸ਼ਲ ਵੈਲਫੇਅਰ ਸੁਸਾਇਟੀ ਗੁਰਦਾਸਪੁਰ ਦੇ ਪ੍ਰਧਾਨ ਸਤਨਾਮ ਸਿੰਘ ਸਮੇਤ ਹੋਰ ਸੇਵਾਦਾਰਾਂ ਨੇ ਸਫ਼ਾਈ ਮੁਹਿੰਮ ਵਿੱਚ ਸੇਵਾ ਨਿਭਾਈ। ਸੰਸਥਾਵਾਂ ਦੇ ਨੁਮਾਇੰਦਿਆਂ ਨੇ ਕਿਹਾ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਮਾਜ ਸੇਵਾ ਅਤੇ ਸਫ਼ਾਈ ਸਬੰਧੀ ਕਾਰਜ ਲਗਾਤਾਰ ਜਾਰੀ ਰੱਖੇ ਜਾਣਗੇ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਜਨਤਕ ਥਾਵਾਂ 'ਤੇ ਗੰਦਗੀ ਨਾ ਫੈਲਾਉਣ ਅਤੇ ਆਪਣੇ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਲਈ ਆਪਣਾ ਯੋਗਦਾਨ ਪਾਉਣ।